SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 196 | Tuesday, October 24, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਵਿਵਾਦਗ੍ਰਸਤ ਬਿਆਨ ਦੇਣ ਵਾਲੀ ਐਨਡੀਪੀ ਐਮਪੀਪੀ ਜਾਮਾ ਨੂੰ ਪਾਰਟੀ ਨੇ ਕਾਕਸ ਵਿੱਚੋਂ ਕੱਢਿਆ


ਇਜ਼ਰਾਈਲ-ਹਮਾਸ ਜੰਗ ਬਾਰੇ ਸੋਸ਼ਲ ਮੀਡੀਆ 'ਤੇ ਪਾਈ ਸੀ ਵਿਵਾਦਗ੍ਰਸਤ ਪੋਸਟ

ਓਨਟਾਰੀਓ, 23 ਅਕਤੂਬਰ (ਪੋਸਟ ਬਿਊਰੋ) : ਇਜ਼ਰਾਈਲ-ਹਮਾਸ ਜੰਗ ਬਾਰੇ ਵਿਵਾਦਗ੍ਰਸਤ ਸੋਸ਼ਲ ਮੀਡੀਆ ਪੋਸਟ ਪਾਉਣ ਵਾਲੀ ਐਮਪੀਪੀ ਸਾਰਾਹ ਜਾਮਾ ਨੂੰ ਐਨਡੀਪੀ ਕਾਕਸ ਵਿੱਚੋਂ ਕੱਢ ਦਿੱਤਾ ਗਿਆ ਹੈ। ਇਹ ਐਲਾਨ ਓਨਟਾਰੀਓ ਦੀ ਐਨਡੀਪੀ ਲੀਡਰ ਮੈਰਿਟ ਸਟਾਈਲਜ਼ ਵੱਲੋਂ ਕੀਤਾ ਗਿਆ।

ਸਟਾਈਲਜ਼ ਨੇ ਸੋਮਵਾਰ ਨੂੰ ਇੱਕ ਬਿਆਨ ਜਾਰੀ ਕਰਕੇ ਜਾਮਾ ਨੂੰ ਐਨਡੀਪੀ ਕਾਕਸ ਵਿੱਚੋਂ ਕੱਢੇ ਜਾਣ ਦੀ ਪੁਸ਼ਟੀ ਕੀਤੀ। ਸਟਾਈਲਜ਼ ਨੇ ਲਿਖਿਆ ਕਿ ਸਾਡੇ ਕਾਕਸ ਵਿੱਚ ਵੱਖ ਵੱਖ ਨਜ਼ਰੀਏ ਲਈ ਥਾਂ ਜ਼ਰੂਰ ਹੈ ਪਰ ਇਹ ਵਿਸ਼ਵਾਸ ਤੇ ਟੀਮ ਵਜੋਂ ਰਲ ਕੇ ਕੰਮ ਕਰਨ ਦੇ ਮੌਲਿਕ ਸਿਧਾਂਤਾਂ ਉੱਤੇ ਆਧਾਰਤ ਹੈ। ਉਨ੍ਹਾਂ ਆਖਿਆ ਕਿ ਜਾਮਾ ਨੂੰ ਐਨਡੀਪੀ ਕਾਕਸ ਵਿੱਚ ਰੱਖਣ ਲਈ ਦੋਵਾਂ ਦਰਮਿਆਨ ਸਹਿਮਤੀ ਬਣੀ ਸੀ ਤੇ ਇਹ ਵੀ ਤੈਅ ਹੋਇਆ ਸੀ ਕਿ ਬਿਨਾਂ ਕਿਸੇ ਸਰਪ੍ਰਾਈਜ਼ ਦੇ ਰਲ ਕੇ ਕੰਮ ਕੀਤਾ ਜਾਵੇਗਾ। ਸਾਡੇ ਕਾਕਸ ਤੇ ਸਟਾਫ ਵੱਲੋਂ ਔਖੇ ਵੇਲਿਆਂ ਵਿੱਚ ਉਸ ਦਾ ਪੂਰਾ ਸਮਰਥਨ ਕਰਨ ਦੀ ਕੋਸ਼ਿਸ਼ ਵੀ ਕੀਤੀ ਗਈ।

ਜ਼ਿਕਰਯੋਗ ਹੈ ਕਿ 10 ਅਕਤੂਬਰ ਨੂੰ ਜਾਮਾ, ਜੋ ਕਿ ਹੈਮਿਲਟਨ ਸੈਂਟਰ ਤ" ਐਮਪੀਪੀ ਹੈ, ਨੇ ਹਮਸ ਵੱਲੋਂ ਕੀਤੇ ਗਏ ਹਮਲੇ ਦਾ ਜ਼ਿਕਰ ਨਾ ਕਰਦਿਆਂ ਓਨਟਾਰੀਓ ਐਨਡੀਪੀ ਦੇ ਲੈਟਰਹੈੱਡ ਉੱਤੇ ਦੋ ਪੈਰ੍ਹਿਆਂ ਦਾ ਬਿਆਨ ਪੋਸਟ ਕਰ ਦਿੱਤਾ। ਇਸ ਬਿਆਨ ਵਿੱਚ ਇਜ਼ਰਾਈਲ ਦੇ ਕਬਜੇ ਤਹਿਤ ਫਲਸਤੀਨੀਆਂ ਦੇ ਦਹਾਕੇ ਤੋਂ ਚੱਲੇ ਆ ਰਹੇ ਸੰਘਰਸ਼ ਦੀ ਗੱਲ ਉੱਤੇ ਧਿਆਨ ਕੇਂਦਰਿਤ ਕੀਤਾ ਗਿਆ। ਜਾਮਾ ਨੇ ਇਸ ਨੂੰ ਰੰਗਭੇਦ ਵਾਲਾ ਵਿਵਹਾਰ ਵੀ ਕਰਾਰ ਦਿੱਤਾ। ਜਾਮਾ ਦੀ ਸੋਸ਼ਲ ਮੀਡੀਆ ਪੋਸਟ ਵਿੱਚ ਹੈਸ਼ਟੈਗ "ਫਰੀ ਫਲਸਤੀਨ" ਦਾ ਨਾਅਰਾ ਵੀ ਲਾਇਆ ਗਿਆ।

ਬਾਅਦ ਵਿੱਚ ਉਸ ਨੇ ਆਨਲਾਈਨ ਪੋਸਟ ਪਾ ਕੇ ਮੁਆਫੀ ਵੀ ਮੰਗੀ ਪਰ ਆਪਣੇ ਅਸਲ ਬਿਆਨ ਨੂੰ ਵਾਪਿਸ ਨਹੀਂ ਲਿਆ। ਜਾਮਾ ਦੀਆਂ ਟਿੱਪਣੀਆਂ ਉੱਤੇ ਪ੍ਰਤੀਕਿਰਿਆ ਕਰਦਿਆਂ ਸਟਾਈਲਜ਼ ਨੇ ਆਖਿਆ ਕਿ ਐਮਪੀਪੀ ਦੇ ਇਸ ਸੁਨੇਹੇ ਨੂੰ ਕਾਕਸ ਵੱਲੋਂ ਮਨਜ਼ੂਰ ਨਹੀਂ ਕੀਤਾ ਗਿਆ ਤੇ ਉਸ ਨੂੰ ਇਹ ਬਿਆਨ ਵਾਪਿਸ ਲੈਣ ਲਈ ਵੀ ਆਖਿਆ ਗਿਆ।

ਇਸ ਦੌਰਾਨ ਹੈਮਿਲਟਨ ਦੀ ਇਸ ਵਿਧਾਇਕਾ ਨੂੰ ਸੈਂਸਰ ਕਰਨ ਲਈ ਓਨਟਾਰੀਓ ਦੀ ਫੋਰਡ ਸਰਕਾਰ ਵੱਲੋਂ ਮਤਾ ਪਾਸ ਕੀਤਾ ਗਿਆ। ਅੱਜ ਐਨਡੀਪੀ ਕਾਕਸ ਤੋਂ ਜਾਮਾ ਨੂੰ ਹਟਾਏ ਜਾਣ ਤੋਂ ਬਾਅਦ ਫੋਰਡ ਸਰਕਾਰ ਨੇ ਇਹ ਮਤਾ ਪਾਸ ਕੀਤਾ। ਇਸ ਉੱਤੇ ਸਟਾਈਲਜ਼ ਨੇ ਆਖਿਆ ਕਿ ਉਨ੍ਹਾਂ ਦੀ ਪਾਰਟੀ ਵੱਲੋਂ ਪ੍ਰੋਗਰੈਸਿਵ ਕੰਜ਼ਰਵੇਟਿਵਾਂ ਦੇ ਇਸ ਮਤੇ ਦੇ ਖਿਲਾਫ ਵੋਟ ਪਾਈ ਗਈ।

## ਟਰੇਨ ਵਿੱਚ ਬੰਬ ਹੋਣ ਦੀ ਅਫਵਾਹ ਫੈਲਾਉਣ ਵਾਲੇ ਲੜਕਿਆਂ ਨੂੰ ਕੀਤਾ ਗਿਆ ਗ੍ਰਿਫਤਾਰ




ਓਟਵਾ, 23 ਅਕਤੂਬਰ (ਪੋਸਟ ਬਿਊਰੋ) : ਸਬਵੇਅ ਟਰੇਨ ਵਿੱਚ ਬੰਬ ਹੋਣ ਦੀ ਅਫਵਾਹ ਫੈਲਾ ਕੇ ਪੈਸੈਂਜਰਜ਼ ਨੂੰ ਗੱਡੀ ਤੋਂ ਉਤਰਨ ਲਈ ਡਰਾਉਣ ਵਾਲੇ ਤਿੰਨ ਲੜਕਿਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਉਨ੍ਹਾ ਨੂੰ ਕਈ ਚਾਰਜਿਜ਼ ਦਾ ਸਾਹਮਣਾ ਕਰਨਾ ਪਵੇਗਾ। ਇਸ ਅਫਵਾਹ ਕਾਰਨ ਪੂਰੀ ਭੀੜ ਭਾੜ ਵਾਲੇ ਸਮੇਂ ਟੀਟੀਸੀ ਸਟੇਸ਼ਨ ਨੂੰ ਖਾਲੀ ਕਰਵਾਉਣਾ ਪਿਆ।

17 ਅਕਤੂਬਰ ਦਿਨ ਮੰਗਲਵਾਰ ਨੂੰ ਸ਼ਾਮੀਂ 5:00 ਵਜੇ ਦੇ ਨੇੜੇ ਤੇੜੇ ਜਾਂਚਕਾਰਾਂ ਨੂੰ ਸੇਂਟ ਪੈਟ੍ਰਿਕ ਸਟੇਸ਼ਨ ਉੱਤੇ ਬੰਬ ਹੋਣ ਦੀ ਜਾਣਕਾਰੀ ਦਿੱਤੀ ਗਈ। ਪੁਲਿਸ ਨੇ ਦੱਸਿਆ ਕਿ ਤਿੰਨ ਲੜਕੇ ਇਸ ਟਰੇਨ ਉੱਤੇ ਚੜ੍ਹੇ ਤੇ ਉਹ ਕਿਸੇ ਤਰ੍ਹਾਂ ਆਪਰੇਟਰ ਕੈਬ ਵਿੱਚ ਦਾਖਲ ਹੋ ਗਏ ਜਿੱਥੋਂ ਉਨ੍ਹਾਂ ਦੀ ਪਹੁੰਚ ਪੀਏ ਸਿਸਟਮ ਤੱਕ ਹੋ ਗਈ। ਫਿਰ ਇਨ੍ਹਾਂ ਲੜਕਿਆਂ ਨੇ ਪੈਸੈਂਜਰਜ਼ ਨੂੰ ਆਖਿਆ ਕਿ ਟਰੇਨ ਵਿੱਚ ਬੰਬ ਹੈ ਤੇ ਫਿਰ ਚੋਰੀ ਦੀ ਸੰਪਤੀ ਨਾਲ ਸਟੇਸ਼ਨ ਤੋਂ ਭੱਜ ਗਏ।

ਇਸ ਘਟਨਾ ਕਰਕੇ ਸੇਂਟ ਪੈਟ੍ਰਿਕ ਤੇ ਯੂਨੀਅਨ ਸਟੇਸ਼ਨਜ਼ ਦਰਮਿਆਨ ਸਰਵਿਸ ਇੱਕ ਘੰਟੇ ਤੱਕ ਰੁਕੀ ਰਹੀ, ਗੱਡੀਆਂ ਨੂੰ ਸੇਂਟ ਐਂਡਰਿਊ ਤੇ ਸਪੈਡਿਨਾ ਸਟੇਸ਼ਨਜ਼ ਉੱਤੇ ਮੋੜਿਆ ਗਿਆ। ਪੁਲਿਸ ਵੱਲੋਂ ਸਬਵੇਅ ਸਟੇਸ਼ਨ ਖਾਲੀ ਕਰਵਾ ਲਿਆ ਗਿਆ ਤੇ ਅਹਿਤਿਆਤਨ ਟਰੇਨ ਵੀ ਖਾਲੀ ਕਰਵਾ ਲਈ ਗਈ। ਫਿਰ ਅਧਿਕਾਰੀਆਂ ਨੇ ਸਾਰੀ ਟਰੇਨ ਸਮੇਤ ਸਟੇਸ਼ਨ ਦੀ ਚੈਕਿੰਗ ਕੀਤੀ ਤੇ ਫਿਰ ਜਾ ਕੇ ਸਰਵਿਸ ਬਹਾਲ ਕੀਤੀ ਗਈ।

ਇਸ ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਜਾਣਕਾਰੀ ਨਹੀਂ ਹੈ। ਪੁਲਿਸ ਨੇ ਦੱਸਿਆ ਕਿ ਤਿੰਨ ਲੜਕਿਆਂ, ਜਿਨ੍ਹਾਂ ਦੀ ਉਮਰ 17 ਸਾਲ ਹੈ, ਨੂੰ ਗ੍ਰਿਫਤਾਰ ਕੀਤਾ ਗਿਆ। ਇਨ੍ਹਾਂ ਲੜਕਿਆਂ ਉੱਤੇ 5000 ਡਾਲਰ ਤੋਂ ਉੱਤੇ ਦੀ ਸ਼ਰਾਰਤ ਕਰਨ, 5000 ਡਾਲਰ ਤੋਂ ਘੱਟ ਦੀ ਚੋਰੀ ਕਰਨ ਤੇ ਜਨਤਾ ਦੀ ਸੇਫਟੀ ਨਾਲ ਖਿਲਵਾੜ ਕਰਨ ਵਰਗੇ ਚਾਰਜਿਜ਼ ਲਾਏ ਗਏ ਹਨ। ਉਨ੍ਹਾਂ ਨੂੰ ਅੱਜ ਅਦਾਲਤ ਸਾਹਮਣੇ ਪੇਸ਼ ਕੀਤਾ ਜਾਵੇਗਾ।

## ਵਿੱਤੀ ਸੰਸਥਾ ਵਿੱਚ ਡਾਕਾ ਮਾਰ ਕੇ ਲੁਟੇਰੇ ਫਰਾਰ




ਮਿਸੀਸਾਗਾ, 23 ਅਕਤੂਬਰ (ਪੋਸਟ ਬਿਊਰੋ) : ਐਤਵਾਰ ਦੁਪਹਿਰ ਨੂੰ ਮਿਸੀਸਾਗਾ ਵਿੱਚ ਇੱਕ ਵਿੱਤੀ ਸੰਸਥਾ ਵਿੱਚ ਡਾਕਾ ਮਾਰਿਆ ਗਿਆ ਤੇ ਲੁਟੇਰੇ ਅਣਦੱਸੀ ਰਕਮ ਲੁੱਟ ਕੇ ਲੈ ਗਏ।

ਡਿਕਸੀ ਤੇ ਬਰਨਹੈਮਥੌਰਪ ਰੋਡਜ਼ ਏਰੀਆ ਵਿੱਚ ਸਥਿਤ ਇੱਕ ਮਾਲ ਵਿੱਚ ਸਥਿਤ ਇਸ ਵਿੱਤੀ ਸੰਸਥਾ ਵਿੱਚ ਦੁਪਹਿਰੇ 3:00 ਵਜੇ ਡਾਕਾ ਮਾਰਿਆ ਗਿਆ। ਲੁਟੇਰਿਆਂ ਕੋਲ ਹਥਿਆਰ ਤਾਂ ਨਜ਼ਰ ਆਏ ਪਰ ਕਿਸੇ ਨੂੰ ਕੋਈ ਸੱਟ ਫੇਟ ਨਹੀਂ ਮਾਰੀ ਗਈ।

ਪੀਲ ਪੁਲਿਸ ਨੇ ਆਖਿਆ ਕਿ ਘੱਟੋ ਘੱਟ ਦੋ ਮਸ਼ਕੂਕ ਇਲਾਕੇ ਵਿੱਚੋਂ ਭੱਜਦੇ ਵੇਖੇ ਗਏ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਈ-ਬਾਈਕ ਵਿੱਚ ਲੱਗੀ ਅੱਗ, ਦੋ ਬਾਲਗਾਂ ਨੂੰ ਲਿਜਾਇਆ ਗਿਆ ਹਸਪਤਾਲ

ਟੋਰਾਂਟੋ, 23 ਅਕਤੂਬਰ (ਪੋਸਟ ਬਿਊਰੋ) : ਟੋਰਾਂਟੋ ਦੇ ਯੌਰਕਵਿੱਲ ਏਰੀਆ ਵਿੱਚ ਇੱਕ ਬਹੁਮੰਜ਼ਿਲਾ ਰਿਹਾਇਸ਼ੀ ਬਿਲਡਿੰਗ ਵਿੱਚ ਲੱਗੀ ਅੱਗ ਮਗਰੋਂ ਧੂੰਆਂ ਚੜ੍ਹ ਜਾਣ ਕਾਰਨ ਦੋ ਬਾਲਗਾਂ ਨੂੰ ਹਸਪਤਾਲ ਲਿਜਾਇਆ ਗਿਆ। ਇਹ ਜਾਣਕਾਰੀ ਪੈਰਾਮੈਡਿਕਸ ਨੇ ਦਿੱਤੀ। ਟੋਰਾਂਟੋ ਫਾਇਰ ਸਰਵਿਸਿਜ਼ (ਟੀਐਫਐਸ) ਅਨੁਸਾਰ ਚਰਚ ਸਟਰੀਟ ਦੇ ਉੱਤਰ ਵੱਲ 14ਵੀਂ ਮੰਜ਼ਿਲ ਉੱਤੇ ਸਥਿਤ ਯੂਨਿਟ 877 ਦੇ ਅੰਦਰ ਦੁਪਹਿਰੇ 4:30 ਵਜੇ ਤੋਂ ਪਹਿਲਾਂ ਇੱਕ ਈ-ਬਾਈਕ ਨੂੰ ਅੱਗ ਲੱਗ ਜਾਣ ਕਾਰਨ ਇਹ ਸਾਰਾ ਘਟਨਾਕ੍ਰਮ ਵਾਪਰਿਆ। ਧੂੰਆਂ ਚੜ੍ਹਨ ਕਾਰਨ ਦੋ ਬਾਲਗਾਂ ਨੂੰ ਹਸਪਤਾਲ ਲਿਜਾਇਆ ਗਿਆ। ਅੱਗ ਉੱਤੇ ਸਮਾਂ ਰਹਿੰਦਿਆਂ ਹੀ ਕਾਬੂ ਪਾ ਲਿਆ ਗਿਆ।

## ਕਾਰ ਤੇ ਟਰੈਕਟਰ ਟਰੇਲਰ ਦੀ ਟੱਕਰ ਵਿੱਚ ਇੱਕ ਹਲਾਕ



ਵ੍ਹਿਟਬੀ, 23 ਅਕਤੂਬਰ (ਪੋਸਟ ਬਿਊਰੋ) : ਐਜੈਕਸ ਤੇ ਵ੍ਹਿਟਬੀ ਦਰਮਿਆਨ ਹਾਈਵੇਅ 401 ਦੀਆਂ ਪੂਰਬ ਵਾਲੀਆਂ ਲੇਨਜ਼ ਉੱਤੇ ਹੋਏ ਜ਼ਬਰਦਸਤ ਹਾਦਸੇ ਤੋਂ ਬਾਅਦ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ ਚਾਰੇ ਪਾਸੇ ਮਲਬਾ ਫੈਲ ਗਿਆ ਤੇ ਹਾਈਵੇਅ ਨੂੰ ਬੰਦ ਕਰਨਾ ਪਿਆ। ਇਹ ਹਾਦਸਾ ਸਵੇਰੇ 8:45 ਦੇ ਨੇੜੇ ਤੇੜੇ ਲੇਕ ਰਿੱਜ ਰੋਡ ਨੇੜੇ ਹਾਈਵੇਅ ਦੀਆਂ ਪੂਰਬ ਵਾਲੀਆਂ ਲੇਨਜ਼ ਵਿੱਚ ਵਾਪਰਿਆ। ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਸਾਹਮਣੇ ਆਇਆ ਹੈ ਕਿ ਇੱਕ ਗੱਡੀ ਦੇ ਡਰਾਈਵਰ ਨੇ ਅਚਾਨਕ ਹੀ ਆਪਣੀ ਕਾਰ ਦੀ ਰਫਤਾਰ ਘਟਾ ਦਿੱਤੀ ਤੇ ਇਸ ਦੌਰਾਨ ਹੀ ਪਿੱਛੇ ਆ ਰਿਹਾ ਟਰੈਕਟਰ ਟਰੇਲਰ ਉਸ ਗੱਡੀ ਵਿੱਚ ਆ ਵੱਜਿਆ ਤੇ ਗੱਡੀ ਨੂੰ ਧੱਕ ਕੇ ਦਰਮਿਆਨੀ ਲਾਈਨ ਵੱਲ ਕਰ ਦਿੱਤਾ।

ਕਾਰ ਦੀ ਡਰਾਈਵਰ, ਜਿਸ ਦੀ ਪਛਾਣ 25 ਸਾਲਾਂ ਦੀ ਮਹਿਲਾ ਵਜੋਂ ਕੀਤੀ ਗਈ ਹੈ, ਨੂੰ ਹਾਦਸੇ ਤੋਂ ਬਾਅਦ ਹਸਪਤਾਲ ਲਿਜਾਇਆ ਗਿਆ ਜਿੱਥੇ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਓਪੀਪੀ ਨੇ ਦੱਸਿਆ ਕਿ ਹਾਦਸਾ ਐਨਾ ਜ਼ਬਰਦਸਤ ਸੀ ਕਿ ਟੱਕਰ ਤੋਂ ਬਾਅਦ ਟਰੈਕਟਰ ਟਰੇਲਰ ਵੱਖ ਹੋ ਗਏ।

## ਸ਼ੱਕੀ ਜੀਪ ਦੀ ਜਾਂਚ ਕਰਨ ਗਿਆ ਪੁਲਿਸ ਅਧਿਕਾਰੀ ਗੰਭੀਰ ਜ਼ਖ਼ਮੀ



ਓਨਟਾਰੀਓ, 23 ਅਕਤੂਬਰ (ਪੋਸਟ ਬਿਊਰੋ) : ਸੋਮਵਾਰ ਸਵੇਰੇ ਕੇਲਡਨ ਵਿੱਚ ਇੱਕ ਰਿਹਾਇਸ਼ੀ ਸਟਰੀਟ ਉੱਤੇ ਸ਼ੱਕੀ ਗੱਡੀ ਬਾਰੇ ਮਿਲੀਆਂ ਰਿਪੋਰਟਾਂ ਦੀ ਜਾਂਚ ਕਰਕੇ ਸਮੇਂ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਦਾ ਅਧਿਕਾਰੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ।

ਸਪੈਸ਼ਲ ਇਨਵੈਸਟੀਗੇਸ਼ਨ ਯੂਨਿਟ (ਐਸਆਈਯੂ) ਨੇ ਆਖਿਆ ਕਿ ਉਨ੍ਹਾਂ ਨੂੰ ਸਵੇਰੇ 7:30 ਵਜੇ ਤੋਂ ਪਹਿਲਾਂ ਇੱਕ ਕਾਲ ਮਿਲੀ ਕਿ ਹੁਰੌਨਤਾਰੀਓ ਸਟਰੀਟ ਤੇ ਹਾਈਵੇਅ 410 ਨੇੜੇ ਟੁੰਡਰਾ ਰੋਡ ਉੱਤੇ ਇੱਕ ਸ਼ੱਕੀ ਰੈਂਗਲਰ ਜੀਪ ਖੜ੍ਹੀ ਹੈ ਜਿਸ ਦੇ ਅੰਦਰ ਕਈ ਲੋਕ ਬੈਠੇ ਹਨ। ਇਹ ਖਬਰ ਮਿਲਣ ਤੋਂ ਬਾਅਦ ਪੁਲਿਸ ਮੌਕੇ ਉੱਤੇ ਪਹੁੰਚੀ। ਕਥਿਤ ਤੌਰ ਉੱਤੇ ਜੀਪ ਦੇ ਡਰਾਈਵਰ ਨੇ ਪੁਲਿਸ ਅਧਿਕਾਰੀ ਵੱਲ ਗੱਡੀ ਦੌੜਾਈ ਤੇ ਉਸ ਨੂੰ ਟੱਕਰ ਮਾਰ ਦਿੱਤੀ। ਪੁਲਿਸ ਅਧਿਕਾਰੀ ਨੂੰ ਗੰਭੀਰ ਜ਼ਖ਼ਮੀ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਐਸਆਈਯੂ ਦੀ ਤਰਜ਼ਮਾਨ ਕ੍ਰਿਸਟੀ ਡੈਨੇਟ ਨੇ ਆਖਿਆ ਕਿ ਪੁਲਿਸ ਨੇ ਸਪਾਈਕ ਬੈਲਟ ਵੀ ਸੜਕ ਉੱਤੇ ਰੱਖੀ। ਡਰਾਈਵਰ ਵੱਲੋਂ ਮੌਕੇ ਤੋਂ ਫਰਾਰ ਹੋਣ ਦੀ ਕੋਸ਼ਿਸ਼ ਕੀਤੀ ਗਈ। ਇਸ ਪ੍ਰਕਿਰਿਆ ਵਿੱਚ ਇੱਕ ਪੁਲਿਸ ਅਧਿਕਾਰੀ ਨਾਲ ਗੱਡੀ ਟਕਰਾ ਗਈ। ਉਸ ਪੁਲਿਸ ਅਧਿਕਾਰੀ ਨੂੰ ਹਸਪਤਾਲ ਲਿਜਾਇਆ ਗਿਆ। ਉਸੇ ਵੇਲੇ ਇੱਕ ਹੋਰ ਪੁਲਿਸ ਅਧਿਕਾਰੀ ਨੇ ਗੋਲੀਆਂ ਚਲਾ ਦਿੱਤੀਆਂ। ਉਨ੍ਹਾਂ ਆਖਿਆ ਕਿ ਸਾਡੇ ਹਿਸਾਬ ਨਾਲ ਤਿੰਨ ਗੋਲੀਆਂ ਚਲਾਈਆਂ ਗਈਆਂ।

ਐਸਆਈਯੂ ਨੇ ਆਖਿਆ ਕਿ ਜੀਪ ਤੇ ਹੋਰ ਸਿਵਲੀਅਨ ਗੱਡੀਆਂ ਵਿੱਚ ਵੀ ਗੋਲੀਆਂ ਲੱਗੀਆਂ। ਪੁਲਿਸ ਨੂੰ ਇਹ ਸ਼ੱਕੀ ਜੀਪ ਬਰੈਂਪਟਨ ਵਿੱਚ ਮੇਅਫੀਲਡ ਤੇ ਡਿਕਸੀ ਰੋਡ ਨੇੜੇ ਮਿਲ ਗਈ ਪਰ ਇਸ ਵਿੱਚ ਸਵਾਰ ਕੋਈ ਵੀ ਵਿਅਕਤੀ ਅਜੇ ਤੱਕ ਪੁਲਿਸ ਦੇ ਹੱਥ ਨਹੀਂ ਲੱਗਿਆ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic. 12538
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਕਾਰ ਦੀ ਟੱਕਰ ਤੋਂ ਬਾਅਦ ਅਮਰੀਕੀ ਮੂਲ ਦੇ ਚਾਲਕ ਨੇ ਗੁੱਸੇ ਵਿਚ ਪੰਜਾਬੀ ਦਾ ਕੀਤਾ ਕਤਲ



ਨਿਊਯਾਰਕ, 23 ਅਕਤੂਬਰ (ਪੋਸਟ ਬਿਊਰੋ): ਨਿਊਯਾਰਕ ਦੇ ਕੁਈਨਜ਼ ਵਿੱਚ ਰਹਿਣ ਵਾਲੇ ਇੱਕ ਭਾਰਤੀ-ਅਮਰੀਕੀ ਵਿਅਕਤੀ ਜਸਮੇਰ ਸਿੰਘ ਦੀ ਕਾਰ ਹਾਦਸੇ ਦੇ ਕੁਝ ਸਮੇਂ ਬਾਅਦ ਹੋਏ ਹਮਲੇ ਵਿੱਚ ਮੌਤ ਹੋ ਗਈ। ਮੀਡੀਆ ਰਿਪੋਰਟਾਂ ਮੁਤਾਬਕ ਇਹ ਹਾਦਸਾ ਵੀਰਵਾਰ ਨੂੰ ਵਾਪਰਿਆ। ਜਸਮੇਰ ਸਿੰਘ ਨੇ ਆਉਣ ਵਾਲੇ ਹਫਤੇ ਭਾਰਤ ਆਉਣਾ ਸੀ। ਇਸੇ ਕਾਰਨ ਉਹ ਆਪਣੀ ਪਤਨੀ ਨੂੰ ਡਾਕਟਰ ਕੋਲੋਂ ਹੋ ਕੇ ਘਰ ਲੈ ਕੇ ਜਾ ਰਹੇ ਸਨ।

ਇਸ ਦੌਰਾਨ ਜਸਮੇਰ ਦੀ ਕਾਰ ਵੈਨ ਵਿਕ ਐਕਸਪ੍ਰੈਸ ਵੇਅ 'ਤੇ ਇਕ ਹੋਰ ਕਾਰ ਚਾਲਕ ਨਾਲ ਟਕਰਾ ਗਈ। ਜਿਸ ਤੋਂ ਬਾਅਦ ਡਰਾਈਵਰ ਉਸ 'ਤੇ ਭੜਕ ਗਿਆ ਅਤੇ ਜਸਮੇਰ ਸਿੰਘ 'ਤੇ ਹਮਲਾ ਕਰ ਦਿੱਤਾ। ਜਿਸ ਕਾਰਨ ਉਨ੍ਹਾਂ ਦੀ ਮੌਤ ਹੋ ਗਈ। ਇਸ ਦੇ ਨਾਲ ਹੀ ਜਸਮੇਰ ਦੇ ਪਰਿਵਾਰ ਨੇ ਐਤਵਾਰ ਰਾਤ ਗੱਲਬਾਤ ਕੀਤੀ ਅਤੇ ਮੰਗ ਕੀਤੀ ਕਿ ਸ਼ੱਕੀ ਡਰਾਈਵਰ ਖਿਲਾਫ ਹੇਟ ਕ੍ਰਾਈਮ ਦਾ ਮਾਮਲਾ ਦਰਜ ਕੀਤਾ ਜਾਵੇ। ਜਸਮੇਰ ਦੇ ਪੁੱਤਰ ਮੁਲਤਾਨੀ ਨੇ ਦੱਸਿਆ ਕਿ ਮੇਰੇ ਪਿਤਾ ਪੜ੍ਹੇ ਲਿਖੇ ਅਤੇ ਬਹੁਤ ਨੇਕ ਇਨਸਾਨ ਸਨ।

ਜਾਣਕਾਰੀ ਅਨੁਸਾਰ 68 ਸਾਲਾ ਜਸਮੇਰ ਸਿੰਘ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾਉਣ ਲਈ ਭਾਰਤ ਤੋਂ ਅਮਰੀਕਾ ਗਏ ਸਨ। ਮੁਲਤਾਨੀ ਨੇ ਦੱਸਿਆ ਕਿ ਹਮਲੇ ਦੌਰਾਨ ਪਿਤਾ ਦਾ ਸਿਰ ਫਟ ਗਿਆ ਅਤੇ ਅਗਲੇ ਦੋ ਦੰਦ ਵੀ ਟੁੱਟ ਗਏ। ਜਿਸ ਕਾਰਨ ਉਨ੍ਹਾਂ ਦੀ ਜਸਮੇਰ ਦੀ ਮੌਤ ਹੋ ਗਈ।

ਪਰਿਵਾਰ ਨੇ ਮੰਗ ਕੀਤੀ ਹੈ ਕਿ ਮੁਲਜ਼ਮ 'ਤੇ ਹੇਟ ਕ੍ਰਾਈਮ ਦਾ ਕੇਸ ਦਰਜ ਕੀਤਾ ਜਾਵੇ।

# ਬੰਗਲਾਦੇਸ਼ ਵਿਚ 2 ਟਰੇਨਾਂ ਦੀ ਟੱਕਰ ਵਿਚ 20 ਮੌਤਾਂ



ਢਾਕਾ, 23 ਅਕਤੂਬਰ (ਪੋਸਟ ਬਿਊਰੋ): ਬੰਗਲਾਦੇਸ਼ ਵਿਚ ਸੋਮਵਾਰ ਦੁਪਹਿਰ ਨੂੰ ਦੋ ਟਰੇਨਾਂ ਦੀ ਟੱਕਰ ਹੋ ਗਈ। ਅਖਬਾਰ 'ਢਾਕਾ ਟ੍ਰਿਬਿਊਨ' ਮੁਤਾਬਕ ਇਸ ਘਟਨਾ ਵਿਚ ਹੁਣ ਤੱਕ 20 ਲੋਕਾਂ ਦੀ ਮੌਤ ਦੀ ਪੁਸ਼ਟੀ ਹੋ ਚੁੱਕੀ ਹੈ। ਕਰੀਬ 100 ਲੋਕ ਜ਼ਖਮੀ ਹਨ। ਇਨ੍ਹਾਂ ਵਿਚੋਂ ਜ਼ਿਆਦਾਤਰ ਦੀ ਹਾਲਤ ਗੰਭੀਰ ਬਣੀ ਹੋਈ ਹੈ।

ਇਹ ਟੱਕਰ ਕਿਸ਼ੋਰਗੰਜ ਇਲਾਕੇ ਵਿਚ ਹੋਈ। ਟ੍ਰੈਕ 'ਤੇ ਖੜ੍ਹੀ ਮਾਲ ਗੱਡੀ ਨਾਲ ਯਾਤਰੀ ਟਰੇਨ ਦੀ ਟੱਕਰ ਹੋ ਗਈ। ਯਾਤਰੀ ਟਰੇਨ ਦੇ ਡੱਬਿਆਂ ਵਿਚ ਅਜੇ ਵੀ ਕਈ ਲੋਕ ਫਸੇ ਹੋਏ ਹਨ। ਬਚਾਅ ਟੀਮ ਮੌਕੇ 'ਤੇ ਮੌਜੂਦ ਹੈ।

' ਬੰਗਲਾਦੇਸ਼ ਟੂਡੇ' ਦੀ ਰਿਪੋਰਟ ਮੁਤਾਬਕ ਹੁਣ ਤੱਕ 19 ਲਾਸ਼ਾਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ। ਫਾਇਰ ਸਰਵਿਸ ਅਤੇ ਸਿਵਲ ਡਿਫੈਂਸ ਦੇ ਸਹਾਇਕ ਡਾਇਰੈਕਟਰ ਪ੍ਰਧਾਨ ਸਰਕਾਰ ਨੇ ਇਸ ਦੀ ਪੁਸ਼ਟੀ ਕੀਤੀ ਹੈ।

ਸਥਾਨਕ ਪੁਲਿਸ ਅਧਿਕਾਰੀ ਅਬਦੁਲ ਅਲੀਮ ਸਿਕਦਾਰ ਨੇ ਕਿਹਾ ਕਿ ਕਈ ਜ਼ਖਮੀਆਂ ਦੀ ਹਾਲਤ ਬਹੁਤ ਗੰਭੀਰ ਹੈ। ਕੁਝ ਲੋਕ ਅਜੇ ਵੀ ਟਰੇਨ ਦੇ ਹੇਠਾਂ ਅਤੇ ਡੱਬਿਆਂ ਵਿਚ ਫਸੇ ਹੋਏ ਹਨ। ਉਨ੍ਹਾਂ ਨੂੰ ਹਟਾਉਣ ਦੇ ਯਤਨ ਜਾਰੀ ਹਨ। ਯਾਤਰੀ ਟਰੇਨ ਦੇ ਦੋ ਡੱਬੇ ਪੂਰੀ ਤਰ੍ਹਾਂ ਤਬਾਹ ਹੋ ਗਏ ਹਨ। ਘਟਨਾ ਸ਼ਾਮ ਕਰੀਬ 4 ਵਜੇ ਵਾਪਰੀ। ਇਸ ਹਾਦਸੇ ਤੋਂ ਬਾਅਦ ਢਾਕਾ-ਚਟਗਾਂਵ ਅਤੇ ਸਿਲਹਟ-ਕਿਸ਼ੋਰਗੰਜ ਟ੍ਰੈਕ 'ਤੇ ਰੇਲ ਸੇਵਾਵਾਂ ਨੂੰ ਰੋਕ ਦਿੱਤਾ ਗਿਆ ਹੈ।

## ਅੱਜ ਨਾਮਾ >>

ਕਬੱਡੀ ਖੇਡ ਹੈ ਪਿਆਰੀ ਪੰਜਾਬੀਆਂ ਦੀ,
ਖਿੜ ਜਾਏ ਰੂਹ ਤੇ ਹੁੰਦਾ ਹੈ ਮਾਣ ਬੇਲੀ।
ਕਬੱਡੀਆਂ ਨਾਲ ਪੰਜਾਬ ਦੇ ਗੱਭਰੂਆਂ ਦੀ,
ਬਣੀ ਪਈ ਜਗਤ ਦੇ ਵਿੱਚ ਪਛਾਣ ਬੇਲੀ।
ਇਹਨੂੰ ਭਾਰੀ ਕੁਝ ਚੰਦਰੀ ਨਜ਼ਰ ਲੱਗੀ,
ਭੈੜੀ ਲੱਗੀ ਆ ਪਾਉਣ ਘਮਸਾਣ ਬੇਲੀ।
ਚੱਲਣ ਗੋਲੀਆਂ, ਨਿੱਤ ਦਿਨ ਕਤਲ ਹੁੰਦੇ,
ਨਿੱਤ ਦਿਨ ਹੋਵੇ ਜਵਾਨੀ ਦਾ ਘਾਣ ਬੇਲੀ।
ਚਰਚਾ ਕਤਲ ਵਿੱਚ ਹੁੰਦੀ ਪਰਮੋਟਰਾਂ ਦੀ,
ਪਤਾ ਨਹੀਂ ਝੂਠ ਕਿ ਗੱਲਆ ਸੱਚ ਬੇਲੀ।
ਮਰ ਗਏ ਪੁੱਤ ਜਵਾਨ ਕਈ ਮਾਪਿਆਂ ਦੇ,
ਸਿਵੇ ਸ਼ਮਸਾਨ ਵਿੱਚ ਰਹੇ ਨੇ ਮੱਚ ਬੇਲੀ।

**ਤੀਸ ਮਾਰ ਖਾਂ**

# ਜਲਵਾਯੂ ਕਾਰਕੁਨ ਗ੍ਰੇਟਾ ਥਨਬਰਗ ਦਾ ਸਕੂਲੀ ਸਿਲੇਬਸ ਵਿੱਚੋਂ ਅਧਿਆਏ ਹਟਾਉਣ ਦਾ ਫੈਸਲਾ, ਗਾਜ਼ਾ ਦਾ ਕੀਤਾ ਸੀ ਸਮਰਥਨ



ਤਲਅਵੀਵ, 23 ਅਕਤੂਬਰ (ਪੋਸਟ ਬਿਊਰੋ): ਇਜ਼ਰਾਈਲ ਦੇ ਸਿੱਖਿਆ ਮੰਤਰਾਲੇ ਨੇ ਵਿਸ਼ਵ ਪ੍ਰਸਿੱਧ ਜਲਵਾਯੂ ਕਾਰਜਕਰਤਾ ਗ੍ਰੇਟਾ ਥਨਬਰਗ ਦੇ ਅਧਿਆਏ ਨੂੰ ਸਕੂਲੀ ਸਿਲੇਬਸ ਤੋਂ ਹਟਾਉਣ ਦਾ ਫੈਸਲਾ ਕੀਤਾ ਹੈ। ਗ੍ਰੇਟਾ ਨੇ ਹਾਲ ਹੀ ਵਿਚ ਗਾਜ਼ਾ ਦੇ ਸਮਰਥਨ ਵਿਚ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਸੀ। ਇਸ ਨੂੰ ਲੈ ਕੇ ਆਮ ਇਜ਼ਰਾਈਲ ਅਤੇ ਸਰਕਾਰ ਬਹੁਤ ਨਾਰਾਜ਼ ਹੈ। ਤਿੰਨ ਸਾਲ ਪਹਿਲਾਂ ਜਦੋਂ ਭਾਰਤ ਵਿੱਚ ਕਿਸਾਨ ਅੰਦੋਲਨ ਹੋਇਆ ਸੀ ਅਤੇ ਉਸ ਦੌਰਾਨ ਹਿੰਸਾ ਹੋਈ ਸੀ ਤਾਂ ਗ੍ਰੇਟਾ ਵੀ ਵਿਵਾਦਾਂ ਵਿੱਚ ਆ ਗਈ ਸੀ। ਉਸਨੇ ਇੱਕ ਟੂਲਕਿੱਟ ਸਾਂਝੀ ਕੀਤੀ ਸੀ ਅਤੇ ਬਾਅਦ ਵਿੱਚ ਦਿੱਲੀ ਪੁਲਿਸ ਨੇ ਵੀ ਇਸ ਟੂਲਕਿੱਟ ਨੂੰ ਸਾਂਝਾ ਕਰਨ ਵਾਲਿਆਂ ਵਿਰੁੱਧ ਐੱਫ.ਆਈ.ਆਰ. ਦਰਜ ਕੀਤੀ ਸੀ।

ਮਹਿਜ਼ 11 ਸਾਲ ਦੀ ਉਮਰ ਵਿਚ ਜਲਵਾਯੂ ਪਰਿਵਰਤਨ ਵਿਰੁੱਧ ਆਵਾਜ਼ ਉਠਾਉਣ ਵਾਲੀ ਗ੍ਰੇਟਾ ਨੇ ਪਿਛਲੇ ਹਫ਼ਤੇ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ। ਇਸ ਵਿੱਚ ਲਿਖਿਆ ਸੀ ਕਿ ਮੈਂ ਗਾਜ਼ਾ ਦੇ ਲੋਕਾਂ ਦੇ ਨਾਲ ਹਾਂ। ਇਜ਼ਰਾਈਲ ਵਿਚ ਇਸ ਖਿਲਾਫ ਤਿੱਖੀ ਪ੍ਰਤੀਕਿਰਿਆ ਹੋਈ ਸੀ।

ਸੋਮਵਾਰ ਨੂੰ ਇਜ਼ਰਾਈਲ ਦੇ ਸਿੱਖਿਆ ਮੰਤਰਾਲੇ ਨੇ ਕਿਹਾ ਕਿ ਹਮਾਸ ਇੱਕ ਅੱਤਵਾਦੀ ਸੰਗਠਨ ਹੈ। ਉਸਨੇ ਸਾਡੇ 1400 ਨਾਗਰਿਕਾਂ ਨੂੰ ਮਾਰ ਦਿੱਤਾ। ਇਨ੍ਹਾਂ ਵਿੱਚ ਬੱਚੇ, ਔਰਤਾਂ ਅਤੇ ਬਜ਼ੁਰਗ ਸ਼ਾਮਿਲ ਸਨ। ਉਸ ਨੇ 200 ਲੋਕਾਂ ਨੂੰ ਬੰਧਕ ਬਣਾ ਕੇ ਰੱਖਿਆ ਹੋਇਆ ਹੈ। ਹੁਣ ਜੇਕਰ ਗ੍ਰੇਟਾ ਉਸਦਾ ਸਮਰਥਨ ਕਰਦੀ ਹੈ ਤਾਂ ਇਹ ਸਿੱਖਿਆ ਅਤੇ ਨੈਤਿਕਤਾ ਦੇ ਲਿਹਾਜ਼ ਨਾਲ ਗਲਤ ਹੈ ਅਤੇ ਇਸ ਲਿਹਾਜ਼ ਨਾਲ ਉਹ ਇਜ਼ਰਾਇਲੀ ਵਿਦਿਆਰਥੀਆਂ ਲਈ ਰੋਲ ਮਾਡਲ ਨਹੀਂ ਬਣ ਸਕਦੀ।

ਗ੍ਰੇਟਾ ਨੇ ਆਪਣੀ ਸੋਸ਼ਲ ਮੀਡੀਆ ਪੋਸਟ ਵਿੱਚ ਗਾਜ਼ਾ ਦੇ ਨਾਲ-ਨਾਲ ਫਲਸਤੀਨ ਦਾ ਵੀ ਸਮਰਥਨ ਕੀਤਾ ਸੀ। ਉਨ੍ਹਾਂ ਕਿਹਾ ਸੀ ਕਿ ਦੁਨੀਆਂ ਨੂੰ ਇਕੱਠੇ ਹੋ ਕੇ ਤੁਰੰਤ ਜੰਗਬੰਦੀ ਦੀ ਮੰਗ ਕਰਨੀ ਚਾਹੀਦੀ ਹੈ। ਫਲਸਤੀਨੀਆਂ ਨੂੰ ਨਿਆਂ ਅਤੇ ਆਜ਼ਾਦੀ ਦੋਵੇਂ ਮਿਲਣੇ ਚਾਹੀਦੇ ਹਨ। ਲਗਭਗ 100 ਸੈਲੀਬ੍ਰਿਟੀਜ਼ ਨੇ ਗ੍ਰੇਟਾ ਦੀ ਪੋਸਟ ਸ਼ੇਅਰ ਕੀਤੀ ਸੀ ਅਤੇ ਇਸਦੇ ਨਾਲ ਹੀ ਇੱਕ ਆਨਲਾਈਨ ਸਿਗਨੇਚਰ ਕੈਂਪੇਨ ਵੀ ਚਲਾਈ ਗਈ ਸੀ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪਿਤਾ ਦੀ ਪਾਬੰਦੀਸ਼ੁਦਾ ਪਾਰਟੀ ਨੂੰ ਉਤਸ਼ਾਹਿਤ ਕਰਨ ਦੇ ਦੋਸ਼ ਵਿਚ ਸੱਦਾਮ ਹੁਸੈਨ ਦੀ ਬੇਟੀ ਨੂੰ 7 ਸਾਲ ਦੀ ਕੈਦ



ਬਗਦਾਦ, 23 ਅਕਤੂਬਰ (ਪੋਸਟ ਬਿਊਰੋ): ਬਗਦਾਦ ਦੀ ਅਦਾਲਤ ਨੇ ਇਰਾਕ ਦੇ ਸਾਬਕਾ ਰਾਸ਼ਟਰਪਤੀ ਅਤੇ ਤਾਨਾਸ਼ਾਹ ਸੱਦਾਮ ਹੁਸੈਨ ਦੀ ਵੱਡੀ ਬੇਟੀ ਰਘਦ ਹੁਸੈਨ ਨੂੰ 7 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਹੈ। ਉਸ 'ਤੇ ਆਪਣੇ ਪਿਤਾ ਦੀ ਪਾਬੰਦੀਸ਼ੁਦਾ ਬਾਥ ਪਾਰਟੀ ਨੂੰ ਉਤਸ਼ਾਹਿਤ ਕਰਨ ਦਾ ਦੋਸ਼ ਸੀ। 2003 ਵਿਚ ਅਮਰੀਕਾ ਅਤੇ ਬਰਤਾਨੀਆ ਨੇ ਇਰਾਕ 'ਤੇ ਹਮਲਾ ਕਰਕੇ ਸੱਦਾਮ ਨੂੰ ਗ੍ਰਿਫਤਾਰ ਕਰਕੇ ਫਾਂਸੀ 'ਤੇ ਲਟਕਾ ਦਿੱਤਾ। ਇਸ ਨਾਲ ਇਰਾਕ ਵਿਚ ਸੱਦਾਮ ਦਾ ਸ਼ਾਸਨ ਖਤਮ ਹੋ ਗਿਆ, ਜਿਸ ਤੋਂ ਬਾਅਦ ਉਸ ਦੀ ਪਾਰਟੀ ਨੂੰ ਭੰਗ ਕਰ ਕੇ ਪਾਬੰਦੀ ਲਗਾ ਦਿੱਤੀ ਗਈ।

ਮੁਤਾਬਕ ਸੱਦਾਮ ਹੁਸੈਨ ਦੀ ਬੇਟੀ ਰਾਗਾਦ ਨੇ 2021 ਵਿਚ ਇੰਟਰਵਿਊ ਦਿੱਤੀ ਸੀ। ਇਸ ਵਿੱਚ ਉਸਨੇ ਬਾਥ ਪਾਰਟੀ ਨੂੰ ਅੱਗੇ ਵਧਾਇਆ ਅਤੇ ਇਸ ਦੀਆਂ ਪ੍ਰਾਪਤੀਆਂ ਗਿਣਾਈਆਂ। ਅਸਲ ਵਿਚ, ਇਰਾਕ ਵਿਚ ਪੁਰਾਣੇ ਸ਼ਾਸਨ ਨੂੰ ਉਤਸ਼ਾਹਿਤ ਕਰਨ ਵਾਲੀਆਂ ਗਤੀਵਿਧੀਆਂ 'ਤੇ ਪਾਬੰਦੀ ਹੈ। ਇੱਥੇ, ਪੁਰਾਣੀ ਸ਼ਾਸਨ ਨਾਲ ਸਬੰਧਤ ਤਸਵੀਰਾਂ ਜਾਂ ਨਾਅਰੇ ਪੋਸਟ ਕਰਨ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਮੁਕੱਦਮਾ ਚਲਾਇਆ ਜਾ ਸਕਦਾ ਹੈ। 2021 ਵਿਚ ਅਲ-ਅਰਬੀਆ ਨੂੰ ਦਿੱਤੇ ਇੰਟਰਵਿਊ ਵਿਚ ਰਾਗਦ ਨੇ ਕਿਹਾ ਸੀ ਕਿ 1979 ਤੋਂ 2003 ਦਰਮਿਆਨ ਇਰਾਕ ਦੀ ਹਾਲਤ ਬਹੁਤ ਚੰਗੀ ਸੀ। ਬਹੁਤ ਸਾਰੇ ਲੋਕਾਂ ਨੇ ਮੈਨੂੰ ਦੱਸਿਆ ਕਿ ਸਾਡੇ ਸ਼ਾਸਨ ਵਿੱਚ ਦੇਸ਼ ਬਿਨਾਂ ਸ਼ੱਕ ਸਥਿਰ ਅਤੇ ਖੁਸ਼ਹਾਲ ਸੀ। ਲੋਕਾਂ ਨੇ ਮਾਣ ਮਹਿਸੂਸ ਕੀਤਾ।

## ਉਸਾਰੀ ਕਿਰਤੀਆਂ ਨੂੰ ਸਰਕਾਰ ਦੀਆਂ ਸਕੀਮਾਂ ਬਾਰੇ ਕੀਤਾ ਜਾਵੇ ਜਾਗਰੂਕ : ਸਪੀਕਰ ਸੰਧਵਾਂ

### -12 ਲਾਭਪਾਤਰੀਆਂ ਨੂੰ 20.81 ਲੱਖ ਰੁਪਏ ਦੀ ਰਾਸ਼ੀ ਕੀਤੀ ਜਾਰੀ



ਫ਼ਰੀਦਕੋਟ 23 ਅਕਤੂਬਰ (ਗਿਆਨ ਸਿੰਘ): ਕੋਟਕਪੂਰਾ ਹਲਕੇ ਦੇ 12 ਲਾਭਪਾਤਰੀਆਂ ਨੂੰ 20.81 ਲੱਖ ਰੁਪਏ ਜਾਰੀ ਕਰਦਿਆਂ ਅੱਜ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਤਹਿਤ ਦਿੱਤੀ ਜਾ ਰਹੀ ਧਨ ਰਾਸ਼ੀ ਦਾ ਲੋੜਵੰਦਾਂ ਨੂੰ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਦੀਆਂ ਸਕੀਮਾਂ ਤਹਿਤ ਰਜਿਸਟਰਡ 12 ਲਾਭਪਾਤਰੀਆਂ ਨੂੰ ਇਹ (20.81 ਲੱਖ) ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਉਨ੍ਹਾਂ ਹਦਾਇਤ ਕੀਤੀ ਕਿ ਉਸਾਰੀ ਕਿਰਤੀਆਂ ਨੂੰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਦੀਆਂ ਸਕੀਮਾਂ ਬਾਰੇ ਵੱਧ ਤੋਂ ਵੱਧਜਾਗਰੂਕ ਕੀਤਾ ਜਾਵੇ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਪੰਜਾਬ ਸਰਕਾਰ ਦੀ ਇਸ ਯੋਜਨਾ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਸਕੀਮ ਦੇ ਤਹਿਤ ਦਿੱਤੇ ਜਾ ਰਹੇ ਪੈਸੇ ਨੂੰ ਬਿਨਾਂ ਕਿਸੇ ਭੇਦ ਭਾਵ ਜਾਂ ਪਾਰਟੀਬਾਜੀ ਤੋਂ ਉੱਪਰ ਉਠ ਕੇ ਮੁਹੱਈਆ ਕਰਵਾ ਰਹੀ ਹੈ ਅਤੇ ਅੱਜ ਜਾਰੀ ਕੀਤੀ ਗਈ ਰਾਸ਼ੀ ਵੀ ਇਸੇ ਤਰੀਕੇ ਨਾਲ ਬਿਨਾਂ ਕਿਸੇ ਪੱਖ-ਪਾਤ ਤੋਂ ਦਿੱਤੀ ਗਈ ਹੈ।

ਇਸ ਸਕੀਮ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਕਿਹਾ ਕਿ ਉਸਾਰੀ ਕਿਰਤੀ ਬੋਰਡ ਅਧੀਨ ਲਾਭਪਾਤਰੀ ਬਣਨ ਉਪਰੰਤ ਵਿਭਾਗ ਦੀਆਂ ਭਲਾਈ ਸਕੀਮਾਂ ਦਾ ਲਾਭ ਲੈਣ ਦਾ ਹੱਕਦਾਰ ਬਣ ਜਾਂਦਾ ਹੈ।

ਅੱਜ ਜਿਨ੍ਹਾਂ ਲਾਭਪਾਤਰੀਆਂ ਨੂੰ ਇਹ ਧਨ ਰਾਸ਼ੀ ਜਾਰੀ ਕੀਤੀ ਗਈ ਹੈ ਉਸ ਸਬੰਧੀ ਬਿਨੈਕਾਰਾਂ ਨੂੰ ਵੱਖ ਵੱਖ ਪ੍ਰਤੀ ਬੇਨਤੀਆਂ ਦਾਖਲ ਕਰਨ ਉਪਰੰਤ ਜਾਰੀ ਕੀਤੀ ਗਈ ਹੈ। ਇਨ੍ਹਾਂ ਵਿੱਚ ਵਜੀਫਾ ਸਕੀਮ ਵਿਦਿਆਰਥੀ ਦੀ ਕਲਾਸ ਦੇ ਹਿਸਾਬ ਨਾਲ ਇੱਕ ਅਰਜੀ ਤੇ ਕਾਰਵਾਈ ਕਰਦਿਆਂ 10,000, ਬੇਟੀ ਦੀ ਸ਼ਾਦੀ ਲਈ ਸ਼ਗਨ ਸਕੀਮ ਦੀ ਇੱਕ ਅਰਜੀ ਤਹਿਤ 51,000, ਐਕਸਗ੍ਰੇਸ਼ੀਆ ਸਕੀਮ ਸਕੀਮ ਦੀਆਂ 9 ਅਰਜ਼ੀਆਂ ਤਹਿਤ 20 ਲੱਖ, ਦਾਹ ਸੰਸਕਾਰ ਲਈ ਇੱਕ ਅਰਜੀ ਤਹਿਤ 20,000 ਸ਼ਾਮਿਲ ਹਨ।

ਉਨ੍ਹਾਂ ਇਹ ਵੀ ਦੱਸਿਆ ਕਿ ਰਜਿਸਟਰਡ ਲਾਭਪਾਤਰੀ ਨੇੜੇ ਦੇ ਸੇਵਾ ਕੇਂਦਰ ਵਿੱਚ ਜਾ ਕੇ ਇਨ੍ਹਾਂ ਭਲਾਈ ਸਕੀਮਾਂ ਤਹਿਤ ਅਰਜੀ ਦੇ ਸਕਦਾ ਹੈ ਅਤੇ ਬੋਰਡ ਅਧੀਨ ਲਾਭਪਾਤਰੀ ਰਜਿਸਟ੍ਰੇਸ਼ਨ ਅਤੇ ਸਕੀਮਾਂ ਲਈ ਅਪਲਾਈ ਕਰਨ ਦੀ ਸਾਰੀ ਪ੍ਰਕਿਰਿਆ ਆਨ-ਲਾਈਨ ਸੇਵਾ ਕੇਂਦਰ ਰਾਹੀਂ ਕੀਤੀ ਜਾਂਦੀ ਹੈ।

## 'ਪੰਜਾਬ ਅਗੇਂਸਟ ਡਰੱਗ ਐਡੀਕਸ਼ਨ' ਮੁਹਿੰਮ ਤਹਿਤ ਲਾਂਡਰਾਂ ਵਿਖੇ ਜਾਗਰੂਕਤਾ ਸਮਾਗਮ



ਐੱਸ.ਏ.ਐੱਸ.ਨਗਰ, 23 ਅਕਤੂਬਰ (ਗਿਆਨ ਸਿੰਘ): ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ 01.10.2023 ਤੋਂ 31.10.2023 ਤੱਕ ਚਲਾਈ ਜਾ ਰਹੀ "ਪੰਜਾਬ ਅਗੇਂਸਟ ਡਰੱਗ ਐਡੀਕਸ਼ਨ" ਮੁਹਿੰਮ ਤਹਿਤ ਅੱਜ ਸਰਕਾਰੀ ਹਾਈ ਸਕੂਲ, ਲਾਂਡਰਾਂ ਵਿਖੇ ਜਾਗਰੂਕਤਾ ਸਮਾਗਮ ਕੀਤਾ ਗਿਆ।

ਇਸ ਮੌਕੇ ਬਲਜਿੰਦਰ ਸਿੰਘ, ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਲੋਂ ਸਕੂਲ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਸਬੰਧੀ ਜਾਣੂ ਕਰਵਾਉਂਦਿਆਂ ਦੱਸਿਆ ਗਿਆ ਕਿ ਨਸ਼ੇ ਦੀਆਂ ਵੱਖ ਵੱਖ ਕਿਸਮਾਂ, ਜਿਵੇਂ ਕਿ ਮੈਡੀਕਲ ਨਸ਼ੇ, ਸ਼ਰਾਬ ਅਤੇ ਸਿਗਰਟ ਆਦਿ ਹਨ ਜੋ ਕਿ ਵਿਅਕਤੀ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਨੂੰ ਰੋਕ ਦਿੰਦੇ ਹਨ।

ਉਨ੍ਹਾਂ ਕਿਹਾ ਕਿ ਸ਼ੁਰੂ-ਸ਼ੁਰੂ ਵਿਚ ਵਿਅਕਤੀ ਨਸ਼ਿਆਂ ਨੂੰ ਸ਼ੌਕ ਵਜੋਂ ਲੈਂਦੇ ਹਨ ਜੋ ਕਿ ਬਾਅਦ ਵਿਚ ਉਨ੍ਹਾਂ ਦੀ ਮਜ਼ਬੂਰੀ ਬਣ ਜਾਂਦੀ ਹੈ ਅਤੇ ਉਹ ਨਸ਼ੇ ਤੋਂ ਬਿਨਾਂ ਨਹੀਂ ਰਹਿ ਸਕਦੇ। ਨਸ਼ਾ ਵੇਚਣ ਵਾਲੇ ਵਿਅਕਤੀ ਵਿਦਿਆਰਥੀਆਂ ਨੂੰ ਨਸ਼ੇ ਦੇ ਜਾਲ ਵਿਚ ਫਸਾਉਣ ਲਈ ਵੱਖ-ਵੱਖ ਹੱਥ-ਕੰਡੇ ਅਪਣਾਉਂਦੇ ਹਨ ਕਿਉਂਕਿ ਵਿਦਿਆਰਥੀ ਉਨ੍ਹਾਂ ਲਈ ਸਭ ਤੋਂ ਸੌਖੇ ਸ਼ਿਕਾਰ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਵਲੋਂ ਜਾਰੀ ਕੀਤੀ ਗਈ ਸਕੀਮ ਨਾਲਸਾ (ਲੀਗਲ ਸਰਵਿਸਿਜ਼ ਟੂ ਦ ਵਿਕਟਿਮਜ਼ ਆਫ਼ ਡਰੱਗ ਅਬਿਊਜ਼ ਐਂਡ ਦ ਇਰੈਡੀਕੇਸ਼ਨ ਆਫ਼ ਦ ਡਰੱਗ ਮੀਨੇਸ) ਸਕੀਮ, 2015 ਅਧੀਨ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਪੀੜਤਾਂ ਨੂੰ ਮੁਫਤ ਕਾਨੂੰਨੀ ਸਹਾਇਤਾ ਦੇਣ ਦਾ ਉਪਬੰਧ ਕੀਤਾ ਗਿਆ ਹੈ।


## ਪੰਜਾਬੀ ਬੋਲੀ ਦਾ ਜ਼ਸ਼ਨ

ਪੰਜਾਬੀ ਲੈਂਗੂਏਜ ਐਜੂਕੇਸ਼ਨ ਐਸੋਸੀਏਸ਼ਨ (ਪਲੀ) ਵਲੋਂ

ਕਵਾਂਟਲਿਨ ਪੌਲੇਟਿਕਨਿਕ ਯੂਨੀਵਰਸਿਟੀ (ਕੇ ਪੀ ਯੂ) ਅਤੇ ਦੀਪਕ ਬਿਨਿੰਗ ਫਾਊਂਡੇਸ਼ਨ
ਦੇ ਸਹਿਯੋਗ ਨਾਲ

ਸ਼ਨਿਚਰਵਾਰ 28 ਅਕਤੂਬਰ, 2023; ਬਾਅਦ ਦੁਪਹਿਰ 1 ਵਜੇ ਤੋਂ 4:30 ਵਜੇ ਤੱਕ

ਕਵਾਂਟਲਿਨ ਪੌਲੇਟਿਕਨਿਕ ਯੂਨੀਵਰਸਿਟੀ ਦੀ ਸਪਰੂਸ ਬਿਲਡਿੰਗ ਏਟਰੀਅਮ ਵਿੱਚ
12666 - 72 ਐਵਨਿਊ, ਸਰੀ ਬੀ ਸੀ (72 ਐਵਨਿਊ ਅਤੇ 128 ਸਟਰੀਟ)

ਪਲੀ, ਕੇ ਪੀ ਯੂ ਅਤੇ ਦੀਪਕ ਬਿਨਿੰਗ ਫਾਊਂਡੇਸ਼ਨ ਵਲੋਂ ਸੰਖੇਪ ਸ਼ਬਦ

ਸਥਾਨਕ ਐਲੇਮੈਂਟਰੀ ਸਕੂਲਾਂ ਵਿੱਚ ਪੰਜਾਬੀ
ਪੜ੍ਹਨ ਵਾਲੇ ਵਿਦਿਆਰਥੀਆਂ ਦੀ
ਗਿਣਤੀ ਵਧਾਉਣ ਬਾਰੇ ਵਿਚਾਰ ਵਟਾਂਦਰਾ

ਪੈਨਲ ਵਿੱਚ ਹਿੱਸਾ ਲੈਣ ਵਾਲੇ:
**ਗੈਰੀ ਥਿੰਦ**, ਸਰੀ ਸਕੂਲ ਬੋਰਡ ਟਰੱਸਟੀ
**ਨਿੰਮੀ ਦੌਲਾ**, ਡੈਲਟਾ ਸਕੂਲ ਬੋਰਡ ਟਰੱਸਟੀ
**ਰਾਜ ਪੁਰੀ**, ਡਿਸਟਰਿਕਟ ਪ੍ਰਿੰਸੀਪਲ ਸੈਟਲਮੈਂਟ ਸਰਵਿਸਜ਼ ਸਰੀ ਸਕੂਲ
**ਕਿਰਨ ਤੂਰ**, ਕਿਡਜ਼ ਪਲੇਅ ਫਾਊਂਡੇਸ਼ਨ
**ਅਮਨਦੀਪ ਛੀਨਾ**, ਸਰੀ ਸਕੂਲ ਮੁਖੀ ਭਾਸ਼ਾ ਵਿਭਾਗ
**ਕੋਮਲਪ੍ਰੀਤ ਕੌਰ ਕੂਨਰ**, ਸਰੀ ਸਕੂਲ ਵਿਦਿਆਰਥਣ
**ਪ੍ਰਭਸੀਰਤ ਔਲਖ**, ਯੂਨੀਵਰਸਿਟੀ ਵਿਦਿਆਰਥਣ
ਪੈਨਲ ਸੰਚਾਲਕ: **ਗੁਰਪ੍ਰੀਤ ਕੌਰ ਬੈਂਸ**, ਐਲ ਏ ਮੈਥੇਸਿਨ ਸਕੂਲ, ਮੁਖੀ ਭਾਸ਼ਾ ਵਿਭਾਗ

ਪੰਜਾਬੀ ਵਿਦਿਆਰਥੀਆਂ ਵਲੋਂ ਕਵਿਤਾਵਾਂ, ਗੀਤ ਅਤੇ ਕਹਾਣੀਆਂ ਦੀਆਂ ਪੇਸ਼ਕਾਰੀਆਂ

ਪ੍ਰੋਗਰਾਮ ਸੰਚਾਲਕ - **ਗੁਰਿੰਦਰ ਮਾਨ ਅਤੇ ਹਰਮੋਹਨਜੀਤ ਪੰਧੇਰ**

ਪਲੀ ਵਲੋਂ ਸੱਭ ਨੂੰ ਖੁੱਲ੍ਹਾ ਸੱਦਾ: **ਆਓ ਮਿਲ ਕੇ ਆਪਣੀ ਮਾਂ-ਬੋਲੀ ਦੇ ਵਿਕਾਸ ਵਿੱਚ ਹਿੱਸਾ ਪਾਈਏ।**
**ਪ੍ਰੋਗਰਾਮ ਦਾ ਕੋਈ ਟਿਕਟ ਨਹੀਂ, ਫ੍ਰੀ ਪਾਰਕਿੰਗ ਅਤੇ ਚਾਹ ਪਾਣੀ ਦਾ ਪ੍ਰਬੰਧ ਹੋਵੇਗਾ**

ਪ੍ਰੋਗਰਾਮ ਬਾਰੇ ਹੋਰ ਜਾਣਕਾਰੀ ਲੈਣ ਲਈ ਸੰਪਰਕ:
ਬਲਵੰਤ ਸੰਘੇੜਾ - 604 - 836 - 8976
ਗੁਰਿੰਦਰ ਮਾਨ - 604 - 710 - 9106
ਸਾਧੂ ਬਿਨਿੰਗ - 778 - 773 - 1886
ਪਾਲ ਬਿਨਿੰਗ - 778 - 889 - 8255
Punjabi Language Education Association (PLEA)



Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com



98 JOHN ST E
Bradford West Gwillimbury, Ontario L3Z1G4
$1,149,000
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5
$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8
$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0
$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8
$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



REXDALE BODY SHOP
USED CAR SALE



Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 / 416.951.6431
Towing Service Car Paint Starts $799* upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਮਜ਼ਬੂਤ ਇਰਾਦਿਆਂ ਵਾਲੇ ਇਨਸਾਨ ਨੂੰ ਅੱਗੇ ਵਧਣ ਤੋਂ ਦੁਨੀਆਂ ਦੀ ਕੋਈ ਤਾਕਤ ਰੋਕ ਨਹੀਂ ਸਕਦੀ : ਡਾ. ਬਲਜੀਤ ਕੌਰ

*** ਸਤੌਜ ਵਿਖੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ 181 ਦਿਵਿਆਂਗਜਨ ਨੂੰ ਵੰਡੇ ਸਹਾਇਕ ਉਪਕਰਨ**
***ਮਾਤਾ ਹਰਪਾਲ ਕੌਰ, ਵਿਧਾਇਕ ਨਰਿੰਦਰ ਕੌਰ ਭਰਾਜ ਤੇ ਬਰਿੰਦਰ ਗੋਇਲ ਸਮੇਤ ਹੋਰ ਸ਼ਖਸ਼ੀਅਤਾਂ ਨੇ ਵੀ ਕੀਤੀ ਸ਼ਿਰਕਤ**



ਸੰਗਰੂਰ 23 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਸਤੌਜ ਵਿਖੇ ਆਯੋਜਿਤ ਜ਼ਿਲ੍ਹਾ ਪੱਧਰੀ ਸਹਾਇਕ ਉਪਕਰਨ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੁੰਦਿਆਂ ਸਮੂਹ ਦਿਵਿਆਂਗਜਨ ਲਾਭਪਾਤਰੀਆਂ ਨੂੰ ਪ੍ਰੇਰਦਿਆਂ ਕਿਹਾ ਕਿ ਜ਼ਿੰਦਗੀ ਵਿੱਚ ਕਦੇ ਵੀ ਇਸ ਗੱਲ 'ਤੇ ਅਫ਼ਸੋਸ ਜ਼ਾਹਿਰ ਨਹੀਂ ਕਰਨਾ ਕਿ ਉਹ ਕਿਸੇ ਅੰਗ ਪੱਖੋਂ ਅਧੂਰੇ ਰਹਿ ਗਏ ਹਨ ਅਤੇ ਜਾਂ ਆਰਥਿਕ ਤੌਰ 'ਤੇ ਕਮਜ਼ੋਰ ਹੋਣ ਕਾਰਨ ਕੁਝ ਕਰ ਨਹੀਂ ਸਕੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਜੀ ਹਰਪਾਲ ਕੌਰ, ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ ਅਤੇ ਵਿਧਾਇਕ ਲਹਿਰਾ ਬਰਿੰਦਰ ਗੋਇਲ ਦੀ ਮੌਜੂਦਗੀ ਵਿੱਚ ਦਿਵਿਆਂਗਜਨ ਲਾਭਪਾਤਰੀਆਂ ਦੀ ਹੌਂਸਲਾ ਅਫਜਾਈ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਜਦੋਂ ਇਨਸਾਨ ਮਾਨਸਿਕ ਤੌਰ 'ਤੇ ਮਜ਼ਬੂਤ ਹੁੰਦਾ ਹੈ ਅਤੇ ਆਪਣੇ ਇਰਾਦਿਆਂ ਨੂੰ ਮਜ਼ਬੂਤ ਰੱਖਦਾ ਹੈ ਤਾਂ ਦੁਨੀਆਂ ਦੀ ਕੋਈ ਵੀ ਤਾਕਤ ਉਸਨੂੰ ਅੱਗੇ ਵਧਣ ਤੋਂ ਰੋਕ ਨਹੀਂ ਸਕਦੀ ਅਤੇ ਸਮਾਜ ਵਿੱਚ ਅਜਿਹੀਆਂ ਅਨੇਕਾਂ ਮਿਸਾਲਾਂ ਮੌਜੂਦ ਹਨ ਜਿਨ੍ਹਾਂ ਨੇ ਆਪਣੇ ਦ੍ਰਿੜ ਇਰਾਦਿਆਂ ਸਦਕਾ ਮੁਸੀਬਤਾਂ ਦੇ ਪਹਾੜਾਂ ਨੂੰ ਵੀ ਬੌਣਾ ਕਰ ਦਿਖਾਇਆ ਹੈ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਦਿਵਿਆਂਗਜਨ ਦੀ ਹਰ ਸੁਵਿਧਾ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਜਿਕ ਸੁਰੱਖਿਆ ਵਿਭਾਗ ਤੇ ਅਲਿਮਕੋ ਦੇ ਸਹਿਯੋਗ ਨਾਲ ਲਗਵਾਏ ਜਾਣ ਵਾਲੇ ਅਜਿਹੇ ਸਹਾਇਕ ਉਪਕਰਨ ਵੰਡ ਸਮਾਰੋਹ ਵੀ ਉਸੇ ਦਿਸ਼ਾ ਵਿੱਚ ਇੱਕ ਸਾਰਥਕ ਉਪਰਾਲਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿਵਿਆਂਗਜਨ ਦੇ ਵੱਡੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਦਸੰਬਰ ਦੌਰਾਨ ਵੀ ਇੱਕ ਵਿਸ਼ੇਸ਼ ਉਪਰਾਲਾ ਕਰਨ ਦੀ ਯੋਜਨਾ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦਿਵਿਆਂਗਜਨ ਲਾਭਪਾਤਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਮਨ ਵਿੱਚ ਇਹ ਪ੍ਰਣ ਕਰਨਾ ਹੈ ਕਿ ਜ਼ਿੰਦਗੀ ਸਵੈ ਸਮਰੱਥ ਹੋ ਕੇ ਜਿਊਣੀ ਹੈ ਅਤੇ ਜ਼ਿੰਦਗੀ ਦੇ ਕਿਸੇ ਵੀ ਪੜਾਅ 'ਤੇ ਖੁਦ ਨੂੰ ਕਮਜ਼ੋਰ ਮਹਿਸੂਸ ਕਰਦਿਆਂ ਤਰਸ ਦੇ ਪਾਤਰ ਨਹੀਂ ਬਣਨਾ ਹੈ ਸਗੋਂ ਆਪਣੇ ਮਜ਼ਬੂਤ ਇਰਾਦੇ ਨਾਲ ਇਹ ਸਾਬਤ ਕਰਕੇ ਦਿਖਾਉਣਾ ਹੈ ਕਿ ਅਸੀਂ ਕਿਸੇ ਤੋਂ ਘੱਟ ਨਹੀਂ ਹਾਂ।

ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਸੰਗਰੂਰ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਰੇਕ ਲੋੜਵੰਦ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ 'ਤੇ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ ਜਿਸ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਅਧਿਕਾਰੀ ਖੁਦ ਪਹੁੰਚ ਕਰਕੇ ਹਰ ਸੁਵਿਧਾ ਦੀ ਉਪਲਬਧਤਾ ਨੂੰ ਯਕੀਨੀ ਬਣਾ ਰਹੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਸਮੇਤ ਹੋਰਨਾਂ ਸ਼ਖਸੀਅਤਾਂ ਵੱਲੋਂ 181 ਦਿਵਿਆਂਗਜਨ ਨੂੰ ਭਾਰਤ ਸਰਕਾਰ ਦੀ ਅਡਿਪ ਯੋਜਨਾ ਦੇ ਤਹਿਤ ਕਰੀਬ 41.09 ਲੱਖ ਰੁਪਏ ਦੀ ਲਾਗਤ ਦੇ ਸਹਾਇਕ ਉਪਕਰਨ ਵੰਡੇ ਗਏ ਜਿਨ੍ਹਾਂ ਵਿੱਚ ਮੋਟਰਾਈਜ਼ਡ ਟਰਾਈਸਾਇਕਲ, ਵ੍ਹੀਲ ਚੇਅਰ, ਟਰਾਈਸਾਇਕਲ, ਸੀ.ਪੀ. ਚੇਅਰ, ਕੰਨਾਂ ਦੀਆਂ ਮਸ਼ੀਨਾਂ, ਬਣਾਉਟੀ ਅੰਗ, ਰੋਲੇਟਰ, ਕੈਲੀਪਰਜ਼, ਸਮਾਰਟ ਫੋਨ ਆਦਿ ਵੀ ਸ਼ਾਮਲ ਹਨ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫੋਂ ਸਮੂਹ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਵਿਧਾਇਕ ਲਹਿਰਾ ਬਰਿੰਦਰ ਗੋਇਲ, ਚੇਅਰਮੈਨ ਪਨਸੀਡ ਮਹਿੰਦਰ ਸਿੰਘ ਸਿੱਧੂ, ਚੇਅਰਮੈਨ ਸਮਾਲ ਸਕੇਲ ਦਲਵੀਰ ਸਿੰਘ ਢਿੱਲੋਂ, ਵਿੱਤ ਮੰਤਰੀ ਦੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਚੇਅਰਮੈਨ ਇੰਪਰੂਵਮੈਂਟ ਟਰੱਸਟ ਸੰਗਰੂਰ ਪ੍ਰੀਤਮ ਸਿੰਘ ਪੀਤੂ, ਸ਼ੇਨਾ ਅਗਰਵਾਲ ਡਾਇਰੈਕਟਰ ਸਮਾਜਿਕ ਸੁਰੱਖਿਆ ਵਿਭਾਗ, ਚਰਨਜੀਤ ਸਿੰਘ ਮਾਨ ਐਡੀਸ਼ਨਲ ਡਾਇਰੈਕਟਰ ਸਮਾਜਿਕ ਸੁਰੱਖਿਆ ਵਿਭਾਗ, ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ, ਐਸ.ਡੀ.ਐਮ ਰਾਜੇਸ਼ ਸ਼ਰਮਾ, ਸਹਾਇਕ ਕਮਿਸ਼ਨਰ ਦੇਵਦਰਸ਼ਦੀਪ ਸਿੰਘ, ਪ੍ਰਧਾਨ ਰਾਹਤ ਫਾਊਂਡੇਸ਼ਨ ਹਰਵਿੰਦਰ ਰਿਸ਼ੀ, ਡਿਪਟੀ ਮੈਨੇਜਰ ਅਲਿਮਕੋ ਇਸ਼ਵਿੰਦਰ ਸਿੰਘ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਲਵਲੀਨ ਬੜਿੰਗ ਸਮੇਤ ਹੋਰ ਅਧਿਕਾਰੀ, ਆਗੂ ਤੇ ਪਿੰਡ ਵਾਸੀ ਵੀ ਹਾਜ਼ਰ ਸਨ।









## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਵੱਖੋ-ਵੱਖ ਰਾਜਾਂ ਵਿੱਚ ਗਵਰਨਰਾਂ ਦੀ ਮੌਕੇ ਮੁਤਾਬਕ ਮਰਜ਼ੀ ਸੰਵਿਧਾਨ ਦੇ ਮੁਤਾਬਕ ਨਹੀਂ ਮੰਨੀ ਜਾ ਸਕਦੀ

ਜਤਿੰਦਰ ਪਨੂੰ ਦੀ ਕਲਮ ਤੋਂ



ਵੀਹਾਂ ਤੋਂ ਵੱਧ ਸਾਲ ਪਹਿਲਾਂ ਇੱਕ ਵਾਰੀ ਪੰਜਾਬ ਵਿਧਾਨ ਸਭਾ ਦਾ ਅਜਲਾਸ ਚੱਲਦਾ ਵੇਖਣ ਗਿਆ ਸੀ, ਉਸ ਤੋਂ ਬਾਅਦ ਕਦੀ ਕਿਸੇ ਨੇ ਕਿਹਾ ਵੀ ਨਹੀਂ ਅਤੇ ਮੈਂ ਕਦੇ ਗਿਆ ਵੀ ਨਹੀਂ। ਬੀਤੇ ਦਿਨੀਂ ਇੱਕ ਵਾਰੀਜਦੋਂ ਪੰਜਾਬ ਦੀ ਵਿਧਾਨ ਸਭਾ ਨੂੰ ਪੇਪਰਲੈੱਸ ਚਲਾਉਣ ਦਾ ਸਿਸਟਮ ਸ਼ੁਰੂ ਕਰਨਾ ਸੀ, ਉਹ ਸਿਸਟਮ ਸ਼ੁਰੂ ਹੁੰਦਾ ਵੇਖਣ ਗਿਆ ਸਾਂ। ਇਸ ਮਹੀਨੇ ਦੀ ਵੀਹ-ਇੱਕੀ ਤਰੀਕ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਅਜਲਾਸ ਕਰਨ ਦਾ ਐਲਾਨ ਜਦੋਂਹੋਇਆ ਤਾਂ ਉਸ ਵੇਲੇ ਵੀ ਮਨ ਵਿੱਚ ਇਹੋ ਜਿਹਾ ਵਿਚਾਰ ਨਹੀਂ ਸੀ ਕਿ ਵੇਖਣ ਜਾਊਂਗਾ, ਪਰ ਜਦੋਂ ਸੈਸ਼ਨ ਤੋਂ ਪਹਿਲੀ ਸ਼ਾਮ ਨੂੰ ਪੰਜਾਬ ਦੇ ਗਵਰਨਰ ਦੀ ਚਿੱਠੀ ਆ ਗਈ ਕਿ ਇਹ ਸੈਸ਼ਨ ਗੈਰ-ਸੰਵਿਧਾਨਕ ਹੈ ਤਾਂ ਇਸ ਵਿੱਚ ਦਿਲਚਸਪੀ ਜਾਗ ਪਈ ਸੀ। ਅਗਲੇ ਦਿਨ ਵਿਰੋਧੀ ਧਿਰ ਦੀਆਂ ਪਾਰਟੀਆਂ ਦੇ ਬਿਆਨ ਆ ਗਏ ਅਤੇ ਕਾਂਗਰਸ, ਅਕਾਲੀ ਦਲ, ਭਾਜਪਾ ਅਤੇ ਬਹੁਜਨ ਸਮਾਜ ਪਾਰਟੀ ਤੱਕ ਸਾਰਿਆਂ ਨੇ ਕਹਿ ਦਿੱਤਾ ਕਿ ਇਹ ਸੈਸ਼ਨ ਬੇਸ਼ੱਕ ਸੰਵਿਧਾਨ ਦੇ ਮੁਤਾਬਕ ਨਹੀਂ, ਫਿਰ ਵੀ ਉਨ੍ਹਾਂ ਦੇ ਮੈਂਬਰ ਇਸ ਸੈਸ਼ਨ ਵਿੱਚ ਜਾਣਗੇ। ਸਰਕਾਰ ਚਲਾਉਣ ਵਾਲੀ ਆਮ ਆਦਮੀ ਪਾਰਟੀ ਦੇ ਬੁਲਾਰੇ ਕਹੀ ਜਾ ਰਹੇ ਸਨ ਕਿ ਉਹ ਸਾਬਤ ਕਰਨਗੇ ਕਿ ਸੰਵਿਧਾਨ ਦੀ ਉਲੰਘਣਾ ਨਹੀਂ ਹੋਈ। ਇਸ ਲਈ ਮੈਂ ਸਾਰਾ ਕੁਝਓਥੇ ਹੁੰਦਾਅੱਖੀਂ ਦੇਖਣਤੁਰ ਪਿਆ।

ਸ਼ਰਧਾਂਜਲੀਆਂ ਦੇਣ ਪਿੱਛੋਂ ਇੱਕ ਵਾਰ ਉਠਾ ਕੇ ਦੋਬਾਰਾ ਸੈਸ਼ਨ ਅਜੇ ਸ਼ੁਰੂ ਹੋਇਆ ਸੀ ਕਿ ਵਿਰੋਧੀ ਧਿਰ ਦੀ ਮੁੱਖ ਪਾਰਟੀ ਕਾਂਗਰਸ ਦੇ ਆਗੂਆਂ ਨੇ ਇਹ ਮੁੱਦਾ ਚੁੱਕ ਲਿਆ ਕਿ ਗਵਰਨਰ ਸਾਹਿਬ ਇਸ ਸੈਸ਼ਨ ਨੂੰ ਸੰਵਿਧਾਨਕ ਨਹੀਂ ਮੰਨਦੇ, ਇਸ ਬਾਰੇ ਸਪੀਕਰ ਸਾਹਿਬ ਸਥਿਤੀ ਸਪੱਸ਼ਟ ਕਰਨ। ਕੁਝ ਦੇਰ ਬਾਅਦ ਸਪੀਕਰ ਨੇ ਕਹਿ ਦਿਤਾ ਕਿ ਸੰਵਿਧਾਨ ਦੇ ਮੁਤਾ-ਬਕ ਕੁਝ ਵੀ ਗਲਤ ਨਹੀਂ ਹੋ ਰਿਹਾ। ਕਾਂਗਰਸ ਪਾਰਟੀ ਦੇ ਮੈਂਬਰ ਫੇਰ ਵੀ ਇਹ ਗੱਲ ਮੰਨਣ ਦੀ ਥਾਂ ਸਰਕਾਰ ਤੇ ਸਪੀਕਰ ਦੇ ਖਿਲਾਫ ਨਾਅਰੇ ਲਾਈ ਗਏ। ਕੁਝ ਦੇਰ ਪਿੱਛੋਂ ਜਦੋਂ ਜ਼ੀਰੋ ਆਵਰ ਸ਼ੁਰੂ ਹੋਇਆ ਤਾਂ ਮੁੱਖ ਮੰਤਰੀ ਖੁਦ ਸਦਨ ਵਿੱਚ ਆ ਗਏ। ਕਾਂਗਰਸੀ ਵਿਧਾਇਕਾਂ ਨੇ ਫਿਰ ਮੁੱਦਾ ਉਠਾ ਲਿਆ। ਕਾਂਗਰਸਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਹਾਕਮ ਧਿਰ ਦੇ ਦੋ ਵਿਧਾਇਕਾਂ ਦੇ ਬਿਆਨਾਂ ਬਾਰੇ ਵੀ ਸਵਾਲ ਕਰ ਦਿੱਤੇ ਤਾਂ ਮੁੱਖ ਮੰਤਰੀ ਨੇ ਜਵਾਬ ਵਿੱਚ ਕਾਂਗਰਸ ਦੇਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਖੁਦ ਪ੍ਰਤਾਪ ਸਿੰਘ ਬਾਜਵਾ ਦੇ ਖਿਲਾਫ ਕਾਂਗਰਸ ਹਾਈ ਕਮਾਂਡ ਨੂੰ ਲਿਖੀ ਚਿੱਠੀ ਬਾਰੇ ਦੱਸ ਕੇ ਖਿਲਾਰਾ ਪਾ ਦਿੱਤਾ। ਇਸ ਨਾਲ ਓਥੇ ਵੱਡੀ ਬਦ-ਮਜ਼ਗੀ ਹੋਈ ਤੇ ਪ੍ਰਤਾਪ ਸਿੰਘ ਬਾਜਵਾ ਦੇ ਖਿਲਾਫ ਕਾਰਵਾਈ ਤੱਕ ਦੀ ਮੰਗ ਵੀ ਉੱਠ ਪਈ, ਪਰ ਜਿੰਨਾ ਵੀ ਰੌਲਾ ਇਸ ਗੱਲ ਨਾਲ ਪਿਆ ਹੋਵੇ, ਇਸ ਵੇਲੇ ਉਹ ਸਾਡੇ ਇਸ ਲੇਖ ਦਾ ਵਿਸ਼ਾ ਨਹੀਂ। ਸਾਡੇ ਲਈ ਗਵਰਨਰ ਪੰਜਾਬ ਵੱਲੋਂ ਪੰਜਾਬ ਸਰਕਾਰ ਦੇ ਕੰਮਾਂ ਵਿੱਚ ਹਰ ਵਾਰੀ ਕੋਈ ਨੁਕਤਾ ਲੱਭ ਕੇ ਅੜਿਕਾ ਪਾਈ ਜਾਣਾ ਅਸਲਮੁੱਦਾ ਬਣਦਾ ਹੈ। ਇਸ ਵਾਰ ਗਵਰਨਰ ਨੇ ਆਪਣੀ ਚਿੱਠੀ ਵਿੱਚ ਧਮਕੀ ਵੀ ਦੇ ਦਿੱਤੀ ਸੀ ਕਿ ਜੇ ਪੰਜਾਬ ਸਰਕਾਰ ਨੇ ਇਹ ਗੈਰ-ਸੰਵਿਧਾਨਕ ਕਦਮ ਚੁੱਕਣੇ ਜਾਰੀ ਰੱਖੇ ਤਾਂ ਉਹ ਰਾਸ਼ਟਰਪਤੀ ਨੂੰ ਇਸ ਸਰਕਾਰ ਦੇ ਖਿਲਾਫ ਰਿਪੋਰਟ ਭੇਜ ਦੇਣਗੇ, ਜਿਸ ਦੇ ਬਾਅਦ ਸਰਕਾਰ ਤੋੜਨ ਤੱਕ ਦੀ ਕਾਰਵਾਈ ਹੋ ਸਕਦੀ ਹੈ।

ਪਿਛਲੇ ਇੱਕ ਮਹੀਨੇ ਵਿੱਚ ਇਹ ਗੱਲ ਅਸੀਂ ਕਈ ਪ੍ਰੋਗਰਾਮਾਂ ਵਿੱਚ ਕਹੀ ਸੀ ਕਿ ਗਵਰਨਰ ਠੀਕ ਨਹੀਂ ਕਹਿੰਦਾ। ਏਦਾਂ ਸੈਸ਼ਨ ਸੱਦਣਾ ਸੰਵਿਧਾਨ ਦਾ ਕਿਸੇ ਵੀ ਤਰ੍ਹਾਂ ਉਲੰਘਣ ਨਹੀਂ ਤੇ ਇਹ ਗੱਲ ਅਦਾਲਤਾਂ ਵਿੱਚ ਪਹਿਲਾਂ ਨਿਬੇੜੀ ਜਾਣ ਦਾ ਰਿਕਾਰਡ ਮੌਜੂਦ ਹੈ। ਫਿਰ ਵੀ ਅਸੀਂ ਉਨ੍ਹਾਂ ਅਦਾਲਤੀ ਫੈਸਲਿਆਂ ਦਾ ਜ਼ਿਕਰ ਜਾਣ-ਬੁੱਝ ਕੇ ਨਹੀਂ ਸੀ ਕਰਦੇ। ਜਦੋਂ ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ ਨੇ ਮੁੱਖ ਮੰਤਰੀ ਦੀ ਹਾਜ਼ਰੀ ਵਿੱਚ ਇਹੋ ਮਸਲਾ ਫਿਰ ਚੁੱਕਿਆ ਤਾਂ ਮੰਤਰੀ ਅਮਨ ਅਰੋੜਾ ਜਵਾਬ ਦੇਣ ਅਤੇ ਸਥਿਤੀ ਸਪੱਸ਼ਟ ਕਰਨ ਲਈ ਉੱਠੇ ਅਤੇ ਸਾਰੇ ਸਦਨ ਵਿੱਚ ਚੁੱਪ ਛਾ ਗਈ।ਮੰਤਰੀ ਨੇ ਪਹਿਲਾਂ ਵਿਧਾਨ ਸਭਾ ਦੀ ਰੂਲ ਬੁੱਕ ਵਿੱਚ ਪੜ੍ਹ ਕੇ ਦੱਸਿਆ ਕਿ ਇਸ ਤਰ੍ਹਾਂ ਸੈਸ਼ਨ ਕਰਨ ਦੇ ਖਿਲਾਫ ਕਿਤੇ ਇੱਕ ਸ਼ਬਦ ਵੀ ਲਿਖਿਆ ਨਹੀਂ ਲੱਭਾ, ਇਸ ਲਈ ਸੈਸ਼ਨ ਕਿਸੇ ਵੀ ਤਰ੍ਹਾਂ ਸੰਵਿਧਾਨ ਦਾ ਉਲੰਘਣ ਨਹੀਂ ਕਰਦਾ। ਫਿਰ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਸਰਕਾਰ ਦਾ ਤਜਰਬਾਦੱਸ ਦਿੱਤਾ। ਵਾਜਪਾਈ ਸਰਕਾਰ ਨੇ ਲੋਕ ਸਭਾ ਦਾ ਸੈਸ਼ਨ 2 ਦਸੰਬਰ 2003 ਨੂੰ ਸੱਦਿਆ ਸੀ ਤੇ 23 ਦਸੰਬਰ ਨੂੰ ਇਹ ਕਹਿ ਕੇ ਉਠਾ ਦਿੱਤਾ ਸੀ ਕਿ 29 ਜਨਵਰੀ 2004 ਨੂੰ ਦੋਬਾਰਾ ਸੈਸ਼ਨ ਕੀਤਾ ਜਾਵੇਗਾ। ਇਸ ਪਿੱਛੋਂ ਲੋੜ ਪਈ ਤਾਂ 29 ਜਨਵਰੀ ਤੱਕ ਉਡੀਕਣ ਦੀ ਬਜਾਏ 20 ਜਨਵਰੀ 2004 ਨੂੰ ਸੱਦ ਲਿਆ ਤਾਂ ਮਹਾਰਾਸ਼ਟਰ ਦੇ ਲੋਕ ਸਭਾ ਮੈਂਬਰ ਰਾਮਦਾਸ ਅਠਾਵਲੇ ਨੇ ਸੁਪਰੀਮ ਕੋਰਟ ਵਿੱਚ ਸ਼ਿਕਾਇਤ ਕਰ ਦਿਤੀ ਕਿ ਸੈਸ਼ਨ ਸੱਦ ਕੇ ਵਾਜਪਾਈ ਸਰਕਾਰ ਨੇ ਸੰਵਿਧਾਨ ਦੀ ਉਲੰਘਣਾ ਕੀਤੀ ਹੈ। ਇਸ ਮਸਲੇ ਬਾਰੇ ਸੁਪਰੀਮ ਕੋਰਟ ਨੇ ਸੰਵਿਧਾਨਕ ਬੈਂਚ ਬਣਾਇਆ ਅਤੇ ਲੰਮੀ ਸੁਣਵਾਈ ਪਿੱਛੋਂ 29 ਮਾਰਚ 2010 ਨੂੰ ਸੰਵਿਧਾਨਕ ਬੈਂਚ ਨੇ ਇਹ ਨਿਰਣਾ ਦਿੱਤਾ ਕਿ ਏਦਾਂ ਸੈਸ਼ਨ ਬੁਲਾਏ ਜਾਣ ਨਾਲ ਸੰਵਿਧਾਨ ਦੀ ਕੋਈ ਉਲੰਘਣਾ ਨਹੀਂ ਹੁੰਦੀ। ਦੂਸਰੀ ਮਿਸਾਲ ਅਮਨ ਅਰੋੜਾ ਨੇ ਇਹ ਦਿੱਤੀ ਕਿ ਦਿੱਲੀ ਦੀ ਕੇਜਰੀਵਾਲ ਸਰਕਾਰ ਨੇ ਇੱਕ ਵਾਰੀ ਏਸੇ ਤਰ੍ਹਾਂ ਮੁਲਤਵੀ ਕੀਤਾ ਸੈਸ਼ਨ ਸੱਦਿਆ ਅਤੇ ਲੈਫਟੀਨੈਂਟ ਗਵਰਨਰ ਤੋਂ ਮਨਜ਼ੂਰੀ ਨਹੀਂ ਸੀ ਲਈ ਤਾਂ ਮੁੱਦਾ ਓਦੋਂ ਵੀ ਅਦਾਲਤ ਵਿੱਚ ਗਿਆ ਸੀ ਤੇ ਅਦਾਲਤ ਨੇ ਓਦੋਂ ਵੀ ਇਹੋ ਕਿਹਾ ਸੀ ਕਿ ਇਸ ਨਾਲ ਸੰਵਿਧਾਨ ਦੀ ਕੋਈ ਉਲੰਘਣਾ ਨਹੀਂ ਹੁੰਦੀ। ਤੀਸਰੀ ਮਿਸਾਲ ਅਮਨ ਅਰੋੜਾ ਨੇ ਦਿੱਤੀ ਤਾਂ ਕਾਂਗਰਸੀ ਆਗੂਆਂ ਲਈ ਮੁਸ਼ਕਲ ਬਣ ਗਈ ਕਿ ਉਨ੍ਹਾਂ ਦੀ ਆਪਣੀ ਪਾਰਟੀ ਦੀ ਸਰਕਾਰ ਨੇ ਵੀ ਏਦਾਂ ਅਜਲਾਸ ਸੱਦਿਆ ਸੀ ਤੇ ਇਸ ਕਦਮ ਨੂੰ ਜਦੋਂ ਗਲਤ ਕਿਹਾ ਗਿਆ ਤਾਂ ਕਾਂਗਰਸੀ ਮੰਤਰੀ ਬ੍ਰਹਮ ਮਹਿੰਦਰਾ ਨੇ ਜਵਾਬ ਦਿੱਤਾ ਸੀ ਕਿ ਏਦਾਂ ਸੈਸ਼ਨ ਕਰਨ ਨਾਲ ਸੰਵਿਧਾਨ ਦੀ ਕੋਈ ਉਲੰਘਣਾ ਨਹੀਂ ਹੁੰਦੀ। ਅਮਨ ਅਰੋੜਾ ਨੇ ਕਾਂਗਰਸ ਦੇ ਆਗੂਆਂ ਨੂੰ ਉਲਟਾ ਸਵਾਲ ਕਰ ਦਿੱਤਾ ਕਿ ਜਦੋਂ ਤੁਹਾਡੀ ਸਰਕਾਰ ਨੇ ਏਦਾਂ ਕੀਤਾ ਸੀ ਤਾਂ ਸੰਵਿਧਾਨ ਦੀ ਉਲੰਘਣਾ ਨਹੀਂ ਸੀ ਤਾਂ ਸਾਡੀ ਸਰਕਾਰ ਦੇ ਏਦਾਂ ਕਰਨ ਦੇ ਨਾਲ ਕਿੱਦਾਂ ਉਲੰਘਣਾ ਹੋ ਗਈ? ਏਥੇ ਆ ਕੇ ਕਾਂਗਰਸ ਦੇ ਵਿਧਾਇਕ ਪ੍ਰਗਟ ਸਿੰਘ ਨੇ ਕਿਹਾ ਕਿ ਚਲੋ ਠੀਕ ਮੰਨ ਲਉ, ਪਰ ਅਸੀਂ ਤਾਂ ਇਹ ਕਹਿੰਦੇ ਹਾਂ ਕਿ ਗਵਰਨਰ ਨਾਲ ਆਪਸੀ ਗੱਲਬਾਤ ਕਰ ਕੇ ਮਾਮਲਾ ਮੁਕਾਉ ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੀ ਕਹਿ ਦਿੱਤਾ ਕਿ ਅਸੀਂ ਇਹ ਮੰਨਦੇ ਹਾਂ ਕਿ ਸੰਵਿਧਾਨ ਦੀ ਉਲੰਘਣਾ ਨਹੀਂ ਹੋਈ, ਪਰ ਆਪਾਂ ਮਾਮਲਾ ਹੋਰ ਅੱਗੇ ਨਾ ਵਧਾਈਏ ਤੇ ਜਿੱਦਾਂ ਵੀ ਹੋਵੇ, ਰਾਜ ਦੇ ਲੋਕਾਂ ਦੇ ਕੰਮ ਕਰੀਏ।

ਇਸ ਗੱਲ ਨੂੰ ਹੋਰ ਲੰਮਾ ਖਿੱਚਣ ਦੀ ਬਜਾਏ ਵੇਖਣ ਵਾਲਾ ਨੁਕਤਾ ਇਹ ਹੈ ਕਿ ਗਵਰਨਰ ਪੰਜਾਬ ਬਨਵਾਰੀ ਲਾਲ ਪੁਰੋਹਿਤ ਕੋਈ ਨਵ-ਸਿੱਖੀਏ ਰਾਜਸੀ ਆਗੂ ਨਹੀਂ, ਪਿਛਲੇ ਚਾਲੀ ਸਾਲਾਂ ਤੋਂ ਰਾਜਨੀਤਕ ਖੇਤਰ ਵਿੱਚ ਹਨ। ਲੋਕ ਸਭਾ ਦੀ ਮੈਂਬਰੀ ਉਨ੍ਹਾਂ ਨੇ ਮਾਣੀ ਹੋਈ ਹੈ, ਤਿੰਨ ਰਾਜਾਂ ਦੇ ਗਵਰਨਰ ਰਹਿ ਚੁੱਕੇ ਹਨ ਅਤੇ ਏਨੇ ਤਜਰਬੇ ਵਾਲੇ ਆਗੂ ਨੂੰ ਚੰਗੀ ਤਰ੍ਹਾਂ ਪਤਾ ਹੁੰਦਾ ਹੈ ਕਿ ਇਸ ਮਾਮਲੇ ਵਿੱਚ ਕਾਨੂੰਨੀ ਸਥਿਤੀ ਆਹ ਹੈ। ਪਤਾ ਹੋਣ ਦੇ ਬਾਵਜੂਦ ਗਵਰਨਰ ਸਾਹਿਬ ਪੰਜਾਬ ਸਰਕਾਰ ਨੂੰ ਪੱਤਰ ਭੇਜ ਕੇ ਸੰਵਿਧਾਨ ਦੀ ਉਲੰਘਣਾ ਦੇ ਮਿਹਣੇ ਮਾਰਦੇ ਤੇ ਰਾਸ਼ਟਰਪਤੀ ਨੂੰ ਚਿੱਠੀ ਲਿਖ ਕੇ ਸ਼ਿਕਾਇਤਾਂ ਦਿੱਲੀ ਤੱਕ ਪੁਚਾਉਣ ਅਤੇ ਕਾਰਵਾਈ ਦੇ ਦਬਕੇ ਮਾਰਦੇ ਰਹੇ ਸਨ। ਕਦੀ ਉਹ ਪੰਜਾਬ ਸਰਕਾਰ ਨੂੰ ਸੰਵਿਧਾਨ ਦੀ ਧਾਰਾ ਤਿੰਨ ਸੌ ਛਪੰਜਾ ਦਾ ਦਬਕਾ ਛੱਡਦੇ ਹਨ, ਜਿਸ ਨਾਲ ਕਿਸੇ ਰਾਜ ਦੀ ਸਰਕਾਰ ਤੋੜੀ ਜਾ ਸਕਦੀ ਹੈ, ਕਦੇ ਰਸ਼ਟਰਪਤੀ ਨੂੰ ਸ਼ਿਕਾਇਤ ਕਰ ਦੇਣ ਦੀ ਧਮਕੀ ਦੇਂਦੇ ਹਨ। ਦੇਸ਼ ਵਿੱਚ ਲੋਕਤੰਤਰ ਹੈ, ਜਿਸ ਵਿੱਚ ਲੋਕਾਂ ਵੱਲੋਂ ਚੁਣੀ ਸਰਕਾਰ ਨੂੰ ਰਾਜ ਚਲਾਉਣ ਦੇਣਾ ਚਾਹੀਦਾ ਹੈ, ਇਹ ਗੱਲ ਕਈ ਵਾਰ ਅਦਾਲਤੀ ਫੈਸਲਿਆਂ ਵਿੱਚ ਕਹੀ ਜਾ ਚੁੱਕੀ ਹੈ, ਪਰ ਇੱਕ ਜਾਂ ਦੂਸਰੇ ਰਾਜ ਵਿੱਚ ਏਦਾਂ ਦੀ ਸਥਿਤੀ ਵਾਰ-ਵਾਰ ਬਣਦੀ ਹੈ ਕਿ ਗਵਰਨਰ ਸਰਕਾਰਾਂ ਨੂੰਨਹੀਂ ਚੱਲਣ ਦੇਂਦੇ। ਗਵਰਨਰ ਪੰਜਾਬ ਦੇ ਵਿਹਾਰ ਤੋਂਇਹੋ ਝਲਕਦਾ ਹੈ ਕਿ ਉਹ ਸਰਕਾਰ ਦਾ ਸੰਵਿਧਾਨਕ ਮੁਖੀ ਨਾ ਰਹਿ ਕੇ ਡਰਾਈਵਿੰਗ ਸੀਟ ਮੱਲਣ ਲਈ ਕਾਹਲੇ ਹਨ। ਪਿਛਲੇ ਸਾਲਾਂ ਵਿੱਚ ਕਈ ਵਾਰੀ ਏਦਾਂ ਦੀ ਸਥਿਤੀ ਏਥੇ ਪੈਦਾ ਹੋ ਚੁੱਕੀ ਹੈ, ਜਦੋਂ ਗਵਰਨਰਾਂ ਨੇ ਇੱਕ ਜਾਂ ਦੂਸਰੇ ਮੌਕੇ ਸਰਕਾਰ ਵੱਲੋਂ ਵਿਧਾਨ ਸਭਾ ਤੋਂ ਪਾਸ ਕਰਵਾਏ ਬਿੱਲ ਅਟਕਾਏ ਅਤੇ ਫਿਰ ਖਬਰਾਂ ਦਾ ਹਿੱਸਾ ਬਣਨ ਤੋਂ ਬਚ ਕੇ ਅੰਦਰਖਾਤੇ ਕੀਤੀ ਗਈ ਸਹਿਮਤੀ ਨਾਲ ਉਹੀ ਬਿੱਲ ਪਾਸ ਵੀ ਕਰ ਦਿੱਤੇ ਜਾਂਦੇ ਰਹੇ ਸਨ।

ਇਹ ਤਮਾਸ਼ਾ ਖਤਮ ਹੋਣਾ ਚਾਹੀਦਾ ਹੈ। ਪੰਜਾਬ ਦੇ ਮੁੱਖ ਮੰਤਰੀ ਨੇ ਕਹਿ ਦਿੱਤਾ ਹੈ ਕਿ ਬੇਸ਼ੱਕ ਵਿਧਾਨ ਸਭਾ ਦਾ ਅਜਲਾਸ ਸੰਵਿਧਾਨ ਦੀ ਉਲੰਘਣਾ ਨਹੀਂ ਕਰਦਾ, ਪਰ ਕਿਉਂਕਿ ਗੱਲ ਇਕੱਲੇ ਅਜਲਾਸ ਦੀ ਨਹੀਂ, ਗਵਰਨਰ ਸਾਹਿਬ ਨੇ ਪੰਜਾਬ ਦੇ ਕਈ ਬਿੱਲ ਵੀ ਪਾਸ ਕਰਨ ਤੋਂ ਰੋਕੇ ਹਨ, ਇਸ ਲਈ ਇਸ ਵਾਰੀ ਪੰਜਾਬ ਸਰਕਾਰ ਇਸ ਤਰ੍ਹਾਂ ਦੇ ਵਿਹਾਰ ਦੇ ਖਿਲਾਫ ਸੁਪਰੀਮ ਕੋਰਟ ਜਾਵੇਗੀ। ਜਦੋਂ ਇਸ ਤੋਂ ਪਹਿਲਾਂ ਏਸੇ ਸਾਲ ਗਵਰਨਰ ਸਾਹਿਬ ਨੇ ਪਹਿਲਾਂ ਸਰਕਾਰ ਨੂੰ ਵਿਧਾਨ ਸਭਾ ਦਾ ਸੈਸ਼ਨ ਕਰਨ ਦੀ ਪ੍ਰਵਾਨਗੀ ਦਿੱਤੀ ਅਤੇ ਫਿਰ ਦਿੱਤੀ ਹੋਈ ਪ੍ਰਵਾਨਗੀ ਰੱਦ ਕੀਤੀ ਸੀ, ਓਦੋਂ ਵੀ ਮੁੱਦਾ ਸੁਪਰੀਮ ਕੋਰਟ ਵਿੱਚ ਗਿਆ ਸੀ ਅਤੇ ਗਵਰਨਰ ਵੱਲੋਂ ਪ੍ਰਵਾਨਗੀ ਰੋਕਣ ਨੂੰ ਸੁਪਰੀਮ ਕੋਰਟ ਨੇ ਗਲਤ ਮੰਨਿਆ ਤੇ ਕਿਹਾ ਸੀ ਕਿ ਇਹ ਪ੍ਰਵਾਨਗੀ ਦੇਣਾ ਸੰਵਿਧਾਨਕ ਜ਼ਿਮੇਵਾਰੀ ਹੈ। ਉਸ ਮੌਕੇ ਸੁਪਰੀਮ ਕੋਰਟ ਵਿੱਚ ਸਿਰਫ ਤਿੰਨ ਮਿੰਟਾਂ ਵਿੱਚ ਕੇਸ ਦਾ ਫੈਸਲਾ ਹੋ ਗਿਆ ਸੀ, ਪਰ ਇਨ੍ਹਾਂ ਤਿੰਨ ਮਿੰਟਾਂ ਲਈ ਪੰਜਾਬ ਸਰਕਾਰ ਨੂੰ ਪੰਝੀ ਲੱਖ ਰੁਪਏ ਵਕੀਲਾਂ ਲਈ ਖਰਚਣੇ ਪਏ ਸਨ। ਇਸ ਵਾਰ ਫਿਰ ਜਦੋਂ ਕੇਸ ਸੁਪਰੀਮ ਕੋਰਟ ਵਿੱਚ ਗਿਆ ਤਾਂ ਹੋਰ ਖਰਚ ਪਵੇਗਾ, ਜਿਸ ਬਾਰੇ ਗਵਰਨਰ ਬਨਵਾਰੀ ਲਾਲ ਪੁਰੋਹਿਤ ਨੂੰ ਕੋਈ ਚਿੰਤਾ ਹੀ ਨਹੀਂ। ਸੁਪਰੀਮ ਕੋਰਟ ਇਸ ਤੋਂ ਪਹਿਲਾ ਕਈ ਵਾਰੀ ਗਵਰਨਰਾਂ ਦੇ ਅੜਿੱਕਾ ਪਾਊ ਰੋਲ ਬਾਰੇ ਠੋਕ ਕੇ ਫੈਸਲੇ ਦੇ ਚੁੱਕੀ ਹੈ, ਇਸ ਦੇ ਬਾਵਜੂਦ ਬਹੁਤੇ ਗਵਰਨਰਾਂ ਦੇ ਵਿਹਾਰ ਵਿੱਚ ਕੋਈ ਫਰਕ ਨਹੀਂ ਸੀ ਪਿਆ। ਇਹ ਕੁਝ ਵਾਰ-ਵਾਰ ਹੋਈ ਜਾਣ ਨਾਲੋਂ ਇਸ ਬਾਰੇ ਪਾਰਲੀਮੈਂਟ ਵਿੱਚ ਕੋਈ ਫੈਸਲਾ ਸਾਰੇ ਦੇਸ਼ ਲਈ ਕਰ ਲੈਣਾ ਚਾਹੀਦਾ ਹੈ, ਜਿਹੜਾ ਕੇਂਦਰ ਵਿੱਚ ਰਾਜ ਕਰਦੀ ਪਾਰਟੀ ਦੀਆਂ ਸਰਕਾਰਾ ਉੱਤੇ ਵੀ ਲਾਗੂ ਹੋਵੇ ਤੇ ਉਸ ਦੇ ਵਿਰੋਧ ਦੀਆਂ ਸਰਕਾਰਾਂ ਉੱਪਰ ਵੀ। ਇਹ ਨਹੀਂ ਹੋ ਸਕਦਾ ਕਿ ਕੇਂਦਰ ਸਰਕਾਰ ਚਲਾਉਂਦੀ ਧਿਰ ਦੀਆਂ ਸਰਕਾਰਾਂ ਆਰਾਮ ਨਾਲ ਚੱਲੀ ਜਾਣ ਤੇ ਵਿਰੋਧੀ ਧਿਰ ਦੀਆਂ ਸਰਕਾਰਾਂ ਨੂੰ ਗਵਰਨਰ ਚੱਲਣ ਤੋਂ ਰੋਕਣ ਲੱਗੇ ਰਿਹਾ ਕਰਨ। ਲੋਕਤੰਤਰ ਦੀ ਭਾਵਨਾ ਦਾ ਤਕਾਜ਼ਾ ਇਹੋ ਹੈ ਕਿ ਪੈਮਾਨਾ ਸਾਰੀਆਂ ਰਾਜ ਸਰਕਾਰਾਂ ਲਈ ਇੱਕੋ ਰੱਖਿਆ ਜਾਵੇ। ਵੱਖੋ-ਵੱਖ ਰਾਜਾਂ ਵਿੱਚ ਗਵਰਨਰਾਂ ਦੀ ਮੌਕੇ ਮੁਤਾਬਕ ਮਰਜ਼ੀ ਸੰਵਿਧਾਨ ਦੇ ਮੁਤਾਬਕ ਨਹੀਂ ਮੰਨੀ ਜਾ ਸਕਦੀ, ਸੰਵਿਧਾਨ ਤਾਂ ਸੰਵਿਧਾਨ ਹੈ, ਇਹ ਕਿਸੇ ਪਾਰਟੀ ਦੇ ਚੋਣ ਮੈਨੀਫੈਸਟੋ ਦੀ ਸ਼ਕਲ ਵਿੱਚ ਡੌਲਿਆ ਨਹੀਂ ਜਾ ਸਕਦਾ। ਇਸ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।


URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
(2021, 2018, 2015, 2014, 2013, 2012, 2011, 2010) (2020-2018) (2019-2009) (REMAX International) (2014) (2010)

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)




ਬਿਲਕੁਲ ਸ਼ਾਨਦਾਰ ਤੇ ਸਾਫ ਸੁਥਰਾ ਸੈਮੀ ਡਿਟੈਚ ਬੰਗਲੋਂ, ਸ਼ਾਂਤ ਕੰਮਿਊਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵੇਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੂਨਿਟ ਕਾਨੂਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀਨੇਟਡ ਫਲੋਰ। ਹਾਈਵੇਂ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਥਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੇਟ ਇਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂੰਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017